**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਜਸਵਿੰਦਰ ਸਿੰਘ ਪੁੱਤਰ ਸ੍ਰੀ ਦੇਸ ਰਾਜ ਸਿੰਘ,
ਵਾਰਡ ਨੰ:6, ਮੋਹੱਲਾ ਬਸੋਲੀ ਪੱਟੀ, ਪਿੰਡ ਅਤੇ ਡਾਕਖਾਨਾ ਬਰੇਟਾ,
ਤਹਿਸੀਲ ਬੁਢਲਾਡਾ, ਜਿਲਾ ਮਾਨਸਾ- ਅਪੀਲਕਰਤਾ

**ਬਨਾਮ**

ਲੋਕ ਸੂਚਨਾ ਅਫਸਰ, ,
ਤਹਿਸੀਲਦਾਰ ਬੁਢਲਾਡਾ, ਜਿਲਾ ਮਾਨਸਾ।

ਪਹਿਲੀ ਅਪੀਲੀ ਅਥਾਰਟੀ ਕਮ ਐਸ.ਡੀ.ਐਮ, ਬੁਢਲਾਢਾ
ਜਿਲ੍ਹਾ ਮਾਨਸਾ। ਉੱਤਰਦਾਤਾ

**ਅਪੀਲ ਕੇਸ ਨੰ: 3668-2019**

**ਹਾਜ਼ਰ:-**

1) ਅਪੀਲਕਰਤਾ ਵਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਨਹੀਂ।

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ, 02-04-2019 **ਲੋਕ ਸੂਚਨਾ ਅਧਿਕਾਰੀ,** ਦਫਤਰ ਮਿਊਂਸਪਲ ਕਮਿਸ਼ਨਰ, ਬਰੇਟਾ, ਤਹਿਸੀਲ ਬੁਢਲਾਡਾ, ਜਿਲਾ ਮਾਨਸਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸ੍ਰੀ ਭਾਗ ਸਿੰਘ ਪੁੱਤਰ ਸ੍ਰੀ ਸੂਗਰ ਸਿੰਘ ਨਿਵਾਸੀ ਮੁਹਲਾ ਬਲੋਣ ਪੱਤੀ ਬਰੇਟਾ ਪਿੰਡ ਦੇ ਨਾਂ ਨਾਲ ਸਬੰਧਤ ਖਸਰਾ ਨੰ: ਖੇਵਟ ਨੰ: ਆਦਿ ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਦਿੱਤੀ ਗਈ ਸੂਚਨਾ ਤੋਂ ਸੰਤਸ਼ੁਟ ਨਾ ਹੋਣ ਕਾਰਨ ਉਸ ਨੇ ਮਿਤੀ 28-05-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 30-09-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ। ਜਿਸ ਨੂੰ ਪੜਚੋਲਣ ਉਪਰੰਤ ਮਿਤੀ 29-10-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 20-11-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਅਪੀਲਕਰਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾਂ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਵੀ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ। ਇਸ ਲਈ **ਇਹ ਅਪੀਲ ਕੇਸ ਅਗਲੀ ਸੁਣਵਾਈ ਲਈ ਮਿਤੀ 15-01-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 20 ਨਵੰਬਰ , 2019.** ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀਮਤੀ ਰਜਨੀ ਗੁਪਤਾ, ਪਤਨੀ ਸ੍ਰੀ ਅਨੁਰਾਗ ਗੁਪਤਾ, ਮ: 79867-99578
ਛਾਹੜੀਆਂ ਮੁਹੱਲਾ, ਰਾਜਾ ਰਾਮ ਸਟਰੀਟ
ਸਿਟੀ ਸੁਨਾਮ, ਜਿਲ੍ਹਾ ਸੰਗਰੂਰ --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਫਸਰ, ਦਫਤਰ,
ਸੀਨੀਅਰ ਪੁਲਿਸ ਕਪਤਾਨ , ਸੰਗਰੂਰ ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਇੰਸਪੈਕਟਰ ਜਨਰਲ ਪੁਲਿਸ.
ਪਟਿਆਲਾ ਰੇਜ਼, ਪਟਿਆਲਾ । ----------ਉੱਤਰਦਾਤਾ

**ਅਪੀਲ ਕੇਸ ਨੰ: 3675/2019**

**ਹਾਜ਼ਰ:-**

1) ਅਪੀਲਕਰਤਾ ਵਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਅਜੈਬ ਸਿੰਘ, ਏ.ਐਸ.ਆਈ.

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ, 24-07-2019 **ਲੋਕ ਸੂਚਨਾ ਅਧਿਕਾਰੀ,** ਦਫਤਰ ਸੀਨੀਅਰ ਪੁਲਿਸ ਕਪਤਾਨ , ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮੁੱਖ ਮੰਤਰੀ ਸਾਹਿਬ ਦਫਤਰ ਨੰ: ਅੰ:ਵਿ:ਪ:ਨੰ: 4/32 /2017 ਮੁ:ਮੁ:ਦ:/ਜੀ.ਏ.1/ਈ-30985 ਪੱਤਰ ਐਸ.ਐਸ.ਪੀ.ਸੰਗਰੂਰ ਨ: 2521/8/21-03-19(ਟੀ.1525130) ਦੀ ਪੜਤਾਲ ਝੂਠੇ ਆਰੋਪਾਂ ਨਾਲ ਸਬੰਧਤ 08 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 17-08-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 01-10-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ। ਜਿਸ ਨੂੰ ਪੜਚੋਲਣ ਉਪਰੰਤ ਮਿਤੀ 29-10-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 20-11-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ, ਪਰ ਉਸ ਵਲੋਂ ਈ.ਮੇਲ. ਰਾਹੀਂ ਬੇਨਤੀ ਕੀਤੀ ਗਈ ਕਿ ਉਸ ਵਲੋਂ ਆਪਣੇ ਪਤੀ ਨੂੰ ਆਥਾਰਟੀ ਦਿੱਤੀ ਗਈ ਸੀ ਪਰ ਉਹ ਬਿਮਾਰ ਹੈ ਅਤੇ ਹਾਜ਼ਰ ਨਹੀਂ ਹੋ ਸਕਦਾ ਇਸ ਲਈ ਅਗਲੀ ਮਿਤੀ ਦਿੱਤੀ ਜਾਵੇ। ਇਸ ਦੇ ਨਾਲ ਹੀ ਦਸਿਆ ਗਿਆ ਕਿ ਉਨ੍ਹਾਂ ਨੂੰ ਕੁਝ ਜਾਣਕਾਰੀ ਪ੍ਰਾਪਤ ਹੋ ਗਈ ਹੈ, ਪਰ ਉਹ ਪ੍ਰਾਪਤ ਹੋਈ ਸੂਚਨਾ ਤੋਂ ਸਤੁੰਸਟ ਨਹੀਂ ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਅਜੈਬ ਸਿੰਘ, ਏ.ਐਸ.ਆਈ. ਪੇਸ਼ੀ ਤੇ ਹਾਜ਼ਰ ਹੋਇਆ, ਉਸ ਵਲੋਂ ਪਤਰ ਨੰ: 100/ਆਰ.ਟੀ.ਆਈ. ਮਿਤੀ 19-11-2019 ਪੇਸ਼ ਕੀਤਾ ਗਿਆ ਜ਼ੋ ਪਹਿਲਾਂ ਹੀ ਈ.ਮੇਲ ਰਾਹੀਂ ਪ੍ਰਾਪਤ ਹੋ ਚੁੱਕਾ ਹੈ ਅਤੇ ਮਿਸਲ ਤੇ ਉਪਲਬਧ ਹੈ,ਰਾਹੀ ਦਸਿਆ ਗਿਆ ਕਿ ਅਪੀਲਕਰਤਾ ਨੇ ਦਰਖਾਸਤ ਨੰ: 2521-ਪੀ ਸਾਲ 2019 ਸਬੰਧੀ ਸਾਰੇ ਦਸਤਾਵੇਜ਼ਾਂ ਦੀਆਂ ਨਕਲਾਂ ਬਾਰੇ ਮੰਗ ਕੀਤੀ ਸੀ ਜਿਸ ਸਬੰਧੀ ਬ੍ਰਾਂਚ ਪਾਸ ਰਿਕਾਰਡ ਮੁਤਾਬਿਕ ਅਪੀਲਕਰਤਾ ਨੂੰ ਨਕਲਾਂ ਪਹਿਲਾਂ ਹੀ ਮੁਹੱਈਆ ਕਰਵਾਈਆਂ ਜਾ ਚੁੱਕੀਆਂ ਹਨ, ਪਰ ਅਪੀਲਕਰਤਾ ਵਲੋਂ ਜਾਣੂ ਕਰਵਾਇਆ ਗਿਆ ਹੈ ਕਿ ਸੂਚਨਾ ਅਧੂਰੀ ਹੈ। ਇਸ ਲਈ ਅਗਲੀ ਤਾਰੀਖ ਦੇਣ ਲਈ ਬੇਨਤੀ ਕੀਤੀ ਗਈ ਹੈ।

4. ਦੋਨਾਂ ਧਿਰਾਂ ਵਲੋਂ ਪ੍ਰਾਪਤ ਈ.ਮੇਲ ਅਤੇ ਹਾਜ਼ਰ ਉਤਰਦਾਤਾ ਸ੍ਰੀ ਅਜਾਇਬ ਸਿੰਘ ਵਲੋਂ ਪੇਸ਼ ਕੀਤੇ ਗਏ ਉਪੱਰੋਕਤ ਪੱਤਰ ਮਿਤੀ 19-11-2019 ਅਨੁਸਾਰ ਅਪੀਲਕਰਤਾ ਭੇਜੀ ਗਈ ਸੂਚਨਾ ਤੋਂ ਸੰਤੁਸ਼ਟ ਨਹੀਂ, ਇਸ ਲਈ ਉਤਰਦਾਤਾ ਵਲੋਂ ਵੀ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ। ਇਸ ਲਈ ਦੋਨਾਂ ਧਿਰਾਂ ਦੀ ਬੇਨਤੀ ਨੂੰ ਪ੍ਰਵਾਨ ਕਰਦੇ ਹੋਏ **ਇਹ ਅਪੀਲ ਕੇਸ ਅਗਲੀ ਸੁਣਵਾਈ ਲਈ ਮਿਤੀ 15-01-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 20 ਨਵੰਬਰ , 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਅਨੁਰਾਗ ਗੁਪਤਾ ਪੁੱਤਰ ਲੇਟ ਸ੍ਰੀ ਪ੍ਰੇਮ ਸਾਗਰ, ਮ: 79867-99578
ਛਾਹੜੀਆਂ ਮੁਹੱਲਾ, ਰਾਜਾ ਰਾਮ ਸਟਰੀਟ
ਸਿਟੀ ਸੁਨਾਮ, ਜਿਲ੍ਹਾ ਸੰਗਰੂਰ --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਫਸਰ, ਦਫਤਰ,
ਸੀਨੀਅਰ ਪੁਲਿਸ ਕਪਤਾਨ , ਸੰਗਰੂਰ ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਇੰਸਪੈਕਟਰ ਜਨਰਲ ਪੁਲਿਸ.
ਪਟਿਆਲਾ ਰੇਜ਼, ਪਟਿਆਲਾ । ----------ਉੱਤਰਦਾਤਾ

**<u>ਅਪੀਲ ਕੇਸ ਨੰ: 3677/2019</u>**

**ਹਾਜ਼ਰ:-**

1) ਅਪੀਲਕਰਤਾ ਵਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਅਜੈਬ ਸਿੰਘ, ਏ.ਐਸ.ਆਈ.

**<u>ਹੁੱਕਮ:</u>**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ, 01-08-2019 **ਲੋਕ ਸੂਚਨਾ ਅਧਿਕਾਰੀ,** ਦਫਤਰ ਸੀਨੀਅਰ ਪੁਲਿਸ ਕਪਤਾਨ , ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਆਨਲਾਈਨ ਸ਼ਿਕਾਇਤ (ਪੀ.ਜੀ.ਪੋਰਟਲ)PMOPG/E/2018/0096228 ਮਿਤੀ 01 ਮਾਰਚ, 2018 ਜ਼ੋ ਕਿ ਸ਼ਿਕਾਇਤ ਕਰਤਾ ਦੇ ਪਰਿਵਾਰ ਦੀ ਸੁਰਖਿਆ ਪੁਲਿਸ ਕਾਰਵਾਈ ਵਿੱਚ ਦੇਰੀ ਹੋਣ ਕਰਕੇ ਖਤਰੇ ਵਿਚ ਹੋਣ ਸਬਧੀ ਸੀ ਨਾਲ ਸਬੰਧਤ 05 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 16-08-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 01-10-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ। ਜਿਸ ਨੂੰ ਪੜਚੋਲਣ ਉਪਰੰਤ ਮਿਤੀ 29-10-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 20-11-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ, ਪਰ ਉਸ ਵਲੋਂ ਈ.ਮੇਲ. ਰਾਹੀਂ ਬੇਨਤੀ ਕੀਤੀ ਗਈ ਕਿ ਉਹ ਬਿਮਾਰ ਹੈ ਅਤੇ ਹਾਜ਼ਰ ਨਹੀਂ ਹੋ ਸਕਦਾ ਇਸ ਲਈ ਅਗਲੀ ਮਿਤੀ ਦਿੱਤੀ ਜਾਵੇ। ਇਸ ਦੇ ਨਾਲ ਹੀ ਦਸਿਆ ਗਿਆ ਕਿ ਉਨ੍ਹਾਂ ਨੂੰ ਕੁਝ ਜਾਣਕਾਰੀ ਪ੍ਰਾਪਤ ਹੋ ਗਈ ਹੈ, ਪਰ ਉਹ ਅਧੂਰੀ ਹੈ ਅਤੇ ਪ੍ਰਾਪਤ ਹੋਈ ਸੂਚਨਾ ਤੋਂ ਸਤੁੰਸਟ ਨਹੀਂ ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਅਜੈਬ ਸਿੰਘ, ਏ.ਐਸ.ਆਈ. ਪੇਸ਼ੀ ਤੇ ਹਾਜ਼ਰ ਹੋਇਆ, ਉਸ ਵਲੋਂ ਪਤਰ ਨੰ: 99/ਆਰ.ਟੀ.ਆਈ. ਮਿਤੀ 19-11-2019 ਪੇਸ਼ ਕੀਤਾ ਗਿਆ ਜ਼ੋ ਪਹਿਲਾਂ ਹੀ ਈ.ਮੇਲ ਰਾਹੀਂ ਪ੍ਰਾਪਤ ਹੋ ਚੁੱਕਾ ਹੈ ਅਤੇ ਮਿਸਲ ਤੇ ਉਪਲਬਧ ਹੈ, ਰਾਹੀ ਦਸਿਆ ਗਿਆ ਕਿ ਅਪੀਲਕਰਤਾ ਨੇ ਦਰਖਾਸਤ ਨੰ: 3051-ਪੀ ਸਾਲ 2019 ਸਬੰਧੀ ਸਾਰੇ ਦਸਤਾਵੇਜ਼ਾਂ ਦੀਆਂ ਨਕਲਾਂ ਬਾਰੇ ਮੰਗ ਕੀਤੀ ਸੀ ਜਿਸ ਸਬੰਧੀ ਸਬਧਤ ਬ੍ਰਾਂਚ਼ ਪਾਸ ਰਿਕਾਰਡ ਮੁਤਾਬਿਕ ਨਕਲਾਂ ਪਹਿਲਾਂ ਹੀ ਮੁਹੱਈਆ ਕੀਤੀਆਂ ਗਈਆਂ ਹਨ, ਪਰ ਅਪੀਲਕਰਤਾ ਵਲੋਂ ਜਾਣੂ ਕਰਵਾਇਆ ਗਿਆ ਹੈ ਕਿ ਸੂਚਨਾ ਅਧੂਰੀ ਹੈ। ਇਸ ਲਈ ਅਗਲੀ ਤਾਰੀਖ ਦੇਣ ਲਈ ਬੇਨਤੀ ਕੀਤੀ ਗਈ ਹੈ।

4. ਦੋਨਾਂ ਧਿਰਾਂ ਵਲੋਂ ਪ੍ਰਾਪਤ ਈ.ਮੇਲ ਅਤੇ ਹਾਜ਼ਰ ਉਤਰਦਾਤਾ ਸ੍ਰੀ ਅਜਾਇਬ ਸਿੰਘ ਵਲੋਂ ਪੇਸ਼ ਕੀਤੇ ਗਏ ਉਪੱਰੋਕਤ ਪੱਤਰ ਮਿਤੀ 19-11-2019 ਅਨੁਸਾਰ ਅਪੀਲਕਰਤਾ ਭੇਜੀ ਗਈ ਸੂਚਨਾ ਤੋਂ ਸੰਤੁਸ਼ਟ ਨਹੀਂ, ਇਸ ਲਈ ਉਤਰਦਾਤਾ ਵਲੋਂ ਵੀ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ। ਦੋਨਾਂ ਧਿਰਾਂ ਦੀ ਬੇਨਤੀ ਨੂੰ ਪ੍ਰਵਾਨ ਕਰਦੇ ਹੋਏ **<u>ਇਹ ਅਪੀਲ ਕੇਸ ਅਗਲੀ ਸੁਣਵਾਈ ਲਈ ਮਿਤੀ 15-01-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ</u>** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ,** 20 **ਨਵੰਬਰ ,** 2019. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਕੈਲਾਸ਼ ਚੰਦ, ਪੁੱਤਰ ਸ੍ਰੀ ਜੈ ਪ੍ਰਕਾਸ਼, ਮ: 93562-68366
ਵਾਸੀ ਵਾਰਡ ਨੰਬਰ, 8 ਮੂਨਕ,
ਜਿਲਾ ਸੰਗਰੂਰ -148033 --------ਅਪੀਲਕਰਤਾ

**ਬਨਾਮ**

ਲੋਕ ਸੂਚਨਾ ਅਫਸਰ,
ਦਫਤਰ ਈ.ਓ. ਨਗਰ ਪੰਚਾਇਤ, ਮੂਨਕ, ਜਿਲਾ ਸੰਗਰੂਰ ।

ਪਹਿਲੀ ਅਪੀਲੀ ਅਥਾਰਟੀ ਕਮ
ਡਿਪਟੀ ਡਾਇਰੈਕਟਰ ਸਹਿਰੀ ਸਥਾਨਕ ਸੰਸਥਾਵਾਂ, ਪਟਿਆਲਾ ----------ਉੱਤਰਦਾਤਾ

**ਅਪੀਲ ਕੇਸ ਨੰ: 3679/2019**

**ਹਾਜ਼ਰ:-**

1) ਅਪੀਲਕਰਤਾ ਵਲੋਂ ਸ੍ਰੀ ਕੁਲਭੂਸ਼ਨ ਕੁਮਾਰ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਬਲਜਿੰਦਰ ਕੁਮਾਰ ਈ.ਓ.ਮੂਨਕ (94144-76671)-ਅਤੇ ਸ੍ਰੀ ਪਰਦੀਪ ਕੁਮਾਰ, ਕਲਰਕ (97804-29429)

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ, 27-09-2017 **ਲੋਕ ਸੂਚਨਾ ਅਧਿਕਾਰੀ,** ਦਫਤਰ ਦਫਤਰ ਈ.ਓ. ਨਗਰ ਪੰਚਾਇਤ, ਮੂਨਕ, ਜਿਲਾ ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਪਾਤੜਾਂ ਜਾਖਲ ਰੋਡ ਪੁਰਾਣੇ ਬੱਸ ਸਟੈਂਡ ਦੇ ਨੇੜੇ ਬਣ ਰਹੇ ਪਾਣੀ ਦੀ ਨਿਕਾਸੀ ਵਾਲੇ ਨਾਲੇ ਵਿਚ ਲੱਗੀਆਂ ਇੱਟਾਂ ਅਤੇ ਸੀਂਮੇਟ ਰੇਤਾ ਵਗੈਰਾ ਨਾਲੇ ਦੇ ਅੰਦਰ ਹੋਏ ਪਲਸਤਰ ਅਤੇ ਉਤੇ ਰਖੀਆਂ ਗਈਆਂ ਸਲੈਬਾਂ ਵਿਚ ਵਰਤੇ ਗਏ ਮਟੀਰੀਅਲ ਦੇ ਵੇਰਵੇ ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਸੀ। ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 07-06-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 01-10-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ। ਜਿਸ ਨੂੰ ਪੜਚੋਲਣ ਉਪਰੰਤ ਮਿਤੀ 29-10-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 20-11-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਵਲੋਂ ਸ੍ਰੀ ਕੁਲਭੂਸ਼ਨ ਕੁਮਾਰ ਪੇਸ਼ੀ ਤੇ ਹਾਜ਼ਰ ਹੋਇਆ, ਉਸ ਵਲੋਂ ਅਪੀਲਕਰਤਾ ਸ੍ਰੀ ਕੈਲਾਸ਼ ਚੰਦ ਵਲੋਂ ਦਿੱਤਾ ਗਿਆ ਅਥਾਰਟੀ ਪੱਤਰ ਪੇਸ਼ ਕੀਤਾ ਗਿਆ । ਉਸ ਵਲੋਂ ਦਸਿਆ ਗਿਆ ਕਿ ਉਨ੍ਹਾਂ ਨੂੰ ਅਜੇ ਤੱਕ ਕੋਈ ਸੂਚਨਾ ਪ੍ਰਾਪਤ ਨਹੀਂ ਹੋਈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਬਲਜਿੰਦਰ ਕੁਮਾਰ ਈ.ਓ.ਮੂਨਕ ਅਤੇ ਸ੍ਰੀ ਪਰਦੀਪ ਕੁਮਾਰ, ਕਲਰਕ ਪੇਸ਼ੀ ਤੇ ਹਾਜ਼ਰ ਹੋਏ। ਉਨ੍ਹਾਂ ਵਲੋਂ ਪਤਰ ਨੰ: 1598 ਮਿਤੀ 19-11-2019 ਜ਼ੋ ਅਪੀਲਕਰਤਾ ਸ੍ਰੀ ਕੈਲਾਸ਼ ਚੰਦ ਨੂੰ ਸੰਬੋਧਤ ਹੈ ਅਤੇ ਪੱਤਰ ਨੰ: 1599 ਮਿਤੀ 19-11-2019 ਜ਼ੋ ਕਮਿਸ਼ਨ ਨੂੰ ਸੰਬੋਧਤ ਹੈ ਪੇਸ਼ ਕੀਤੇ ਗਏ।ਪੱਤਰ ਮਿਸਲ ਤੇ ਉਪਲਭਧ ਹਨ। ਜਿਸ ਰਾਹੀਂ ਅਪੀਲਕਰਤਾ ਵਲੋਂ ਮੰਗੀ ਗਈ ਸੂਚਨਾ ਮੁਹੱਈਆ ਕਰਵਾਈ ਗਈ ਹੈ।

4. ਦੋਨਾਂ ਧਿਰਾਂ ਅੱਜ ਪੇਸ਼ੀ ਤੇ ਹਾਜ਼ਰ ਹੋਈਆਂ, ਅਪੀਲਕਰਤਾ ਵਲੋਂ ਹਾਜ਼ਰ ਸ੍ਰੀ ਕੁਲਭੂਸ਼ਨ ਕੁਮਾਰ ਵਲੋਂ ਦਸਿਆ ਗਿਆ ਕਿ ਉਨ੍ਹਾਂ ਨੂੰ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵਲੋਂ ਹਾਜ਼ਰ ਨੁਮਾਇੰਦਿਆਂ ਦੁਆਰਾ ਪੇਸ਼ ਕੀਤੇ ਗਏ ਉੱਕਤ ਪੱਤਰ ਰਾਹੀਂ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਪੇਸ਼ੀ ਦੋਰਾਨ ਮੁਹੱਈਆ ਕਰਵਾ ਕੇ ਰਸੀਦ ਪ੍ਰਾਪਤ ਕੀਤੀ ਗਈ ਜ਼ੋ ਮਿਸਲ ਤੇ ਉਪਲਭਧ ਹੈ। ਇਸ ਤਰ੍ਹਾਂ ਉੱਤਰਦਾਤਾ ਵਲੋਂ ਅੱਜ ਪੇਸ਼ੀ ਦੋਰਾਨ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਵਾ ਦਿੱਤੀ ਗਈ ਹੈ। ਇਸ ਲਈ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹ੍ਹੀਂ। ਇਸ ਲਈ **ਇਹ ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 20 ਨਵੰਬਰ , 2019.** ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਦੀਨੇਸ਼ ਕੁਮਾਰ ਪੁੱਤਰ ਸ੍ਰੀ ਦੋਲਡ ਰਾਮ,
ਵਾਸੀ ਪਿੰਡ ਰੱਤੇਵਾਲ (ਨੀਲਵਾੜੇ) ਤਹਿਸੀਲ ਬਲਾਚੌਰ,
ਜਿਲ੍ਹਾ ਸ਼ਹੀਦ ਭਗਤ ਸਿੰਘ ਨਗਰ। --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਫਸਰ, ਦਫਤਰ ਪ੍ਰਿੰਸੀਪਲ,
ਬਾਬਾ ਬਲਰਾਜ ਪੰਜਾਬ ਯੂਨੀਵਰਸਿਟੀ ਕੰਸੀਚਿਊਟ ਕਾਲਜ਼,
ਬਲਾਚੌਰ, ਜਿਲਾ ਸ਼ਹੀਦ ਭਗਤ ਸਿੰਘ ਨਗਰ।

ਪਹਿਲੀ ਅਪੀਲੀ ਅਥਾਰਟੀ
ਦਫਤਰ ਵਾਇਸ ਚਾਂਸਲਰ, ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ। ----------ਉੱਤਰਦਾਤਾ

**ਅਪੀਲ ਕੇਸ ਨੰ: 3681/2019**

**ਹਾਜ਼ਰ:-**

1) ਅਪੀਲਕਰਤਾ ਵਲੋਂ ਕੋਈ ਨਹੀਂ ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਡਾ: ਸੁਨੀਲ ਖੋਸਲਾ (81461-00199)

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 10-06-2019, **ਲੋਕ ਸੂਚਨਾ ਅਧਿਕਾਰੀ,** ਦਫਤਰ ਪ੍ਰਿੰਸੀਪਲ, ਬਾਬਾ ਬਲਰਾਜ ਪੰਜਾਬ ਯੂਨੀਵਰਸਿਟੀ ਕੰਸੀਚਿਊਟ ਕਾਲਜ਼, ਬਲਾਚੌਰ, ਜਿਲਾ ਸ਼ਹੀਦ ਭਗਤ ਸਿੰਘ ਨਗਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਬਾਬਾ ਬਲਰਾਜ ਪੰਜਾਬ ਯੂਨੀਵਰਸਿਟੀ ਕੰਸੀਚਿਊਟ ਕਾਲਜ਼ ਨਾਲ ਸਬੰਧਤ 05 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 18-07-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 01-10-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ । ਜਿਸ ਨੂੰ ਪੜਚੋਲਣ ਉਪਰੰਤ ਮਿਤੀ 29-10-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 20-11-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਹੀ ਪ੍ਰਾਪਤ ਹੋਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਡਾ: ਸੁਨੀਲ ਖੋਸਲਾ ਪ੍ਰਿੰਸੀਪਲ ਹਾਜ਼ਰ ਹੋਇਆ। ਉਸ ਵਲੋਂ ਦਸਿਆ ਗਿਆ ਕਿ ਪੱਤਰ ਨੰ: ਬੀਬੀ.ਪੀ.ਯੂ.ਸੀ.ਸੀ./8566 ਮਿਤੀ 18-07-2019 ਜ਼ੋ ਅਪੀਲਕਰਤਾ ਨੂੰ ਸੰਬੋਧਤ ਹੈ ਰਾਹੀਂ ਮੰਗੀ ਗਈ ਸੂਚਨਾ ਸਪੀਡ ਪੋਸਟ ਰਾਹੀਂ ਭੇਜ਼ ਦਿੱਤੀ ਗਈ ਸੀ। ਇਸ ਦੇ ਨਾਲ ਹੀ ਪੱਤਰ ਨੰ: ਬੀਬੀ.ਪੀ.ਯੂ.ਸੀ.ਸੀ./8918 ਮਿਤੀ 19-11-2019 ਪੇਸ਼ ਕੀਤਾ ਗਿਆ ਕਿ ਜ਼ੋ ਕਮਿਸ਼ਨ ਨੂੰ ਸੰਬੋਧਤ ਹੈ, ਜਿਸ ਨਾਲ ਉਨ੍ਹਾਂ ਵਲੋਂ ਪਹਿਲੀ ਅਪੀਲੀ ਅਥਾਰਟੀ ਦਾ ਪੱਤਰ ਨੰ: 626-627/ਆਰ.ਟੀ.ਆਈ.ਸੀ. ਮਿਤੀ 27-09-2019 ਪੇਸ਼ ਕੀਤਾ ਗਿਆ ਜ਼ੋ ਸਵੈਸਪਸ਼ੱਟ ਹੈ। ਪੱਤਰ ਮਿਸਲ ਤੇ ਰੱਖ ਲਏ ਗਏ ਹਨ।

4. ਅਪੀਲਕਰਤਾ ਅੱਜ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ। ਉੱਤਰਦਾਤਾ ਵਲੋਂ ਹਾਜ਼ਰ ਹੋ ਕੇ ਉਕੱਤ ਪੱਤਰ ਮਿਤੀ 18-07-2019 ਅਤੇ ਅਪੀਲੀ ਅਥਾਰਟੀ ਦਾ ਪੱਤਰ ਮਿਤੀ 19-11-2019 ਪੇਸ਼ ਕੀਤੇ ਗਏ। ਅਪੀਲਕਰਤਾ ਵਲੋਂ ਮਿਤੀ 10-06-2019 ਨੂੰ ਅਰਜੀ ਦਾਇਰ ਕੀਤੀ ਗਈ ਸੀ , ਅਪੀਲੀ ਅਥਾਰਟੀ ਵਲੋਂ ਉਸ ਨੂੰ ਮਿਤੀ 18-07-2019 ਨੂੰ ਬੁਲਾਇਆ ਗਿਆ ਸੀ ਪਰ ਅਪੀਲਕਰਤਾ ਪਹਿਲੀ ਅਪੀਲੀ ਅਥਾਰਟੀ ਪਾਸ ਹਾਜ਼ਰ ਨਹੀਂ ਸੀ ਹੋਇਆ । ਉੱਤਰਦਾਤਾ ਲੋਕ ਸੂਚਨਾ ਅਫਸਰ ਵਲੋਂ ਪੱਤਰ ਮਿਤੀ 18-07-2019 ਰਾਹੀਂ ਉਸ ਨੂੰ ਮੰਗੀ ਗਈ ਸੂਚਨਾ ਮੁਹੱਈਆ ਕਰਵਾ ਦਿੱਤੀ ਗਈ ਸੀ ਅਤੇ ਲੜੀ ਨੰ: (ਬੀ) ਸਬੰਧੀ ਦਸਿਆ ਗਿਆ ਕਿ ਇਹ ਸੂਚਨਾ ਪੰਜਾਬ ਯੂਨੀਵਰਸਿਟੀ , ਚੰਡੀਗੜ੍ਹ ਨਾਲ ਸਬੰਧਤ ਹੈ। ਅਪੀਲੀ ਅਥਾਰਟੀ ਵਲੋਂ ਸਬੰਧਤ ਵਿਭਾਗ ਨੂੰ ਸੂਚਨਾ ਮੁਹੱਈਆ ਕਰਾਉਣ ਲਈ ਹਦਾਇਤ ਕਰ ਦਿੱਤੀ ਗਈ ਸੀ। ਇਸ ਤਰ੍ਹਾਂ ਹਾਜ਼ਰ ਉੱਤਰਦਾਤਾ ਵਲੋਂ ਦਸਿਆ ਗਿਆ ਕਿ ਅਪੀਲਕਰਤਾ ਨੂੰ ਪੂਰੀ ਸੂਚਨਾ ਮੁਹੱਈਆ ਕਰਵਾ ਦਿਤੀ ਗਈ ਹੈ। ਇਸ ਲਈ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ। ਇਸ ਲਈ **ਇਹ ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 20 ਨਵੰਬਰ , 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਅਨੁਰਾਗ ਗੁਪਤਾ, (79867-99578)
ਪੁੱਤਰ ਸ਼੍ਰੀ ਪ੍ਰੇਮ ਸਾਗਰ,ਛਾਹੜੀਆਂ ( Chharrian) ਮੁਹੱਲਾ,
ਰਾਜਾ ਰਾਮ ਗਲੀ ਸਿਟੀ, ਸੁਨਾਮ,ਜ਼ਿਲ੍ਹਾ ਸੰਗਰੂਰ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ, ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਿਪਟੀ ਕਮਿਸ਼ਨਰ, ਸੰਗਰੂਰ। ------ਉੱਤਰਦਾਤਾ

**ਅਪੀਲ ਕੇਸ ਨੰ:2648 / 2019**

**ਹਾਜ਼ਰ:-**

1) ਅਪੀਲਕਰਤਾ ਵਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਗੁਰਪ੍ਰੀਤ ਸਿੰਘ, ਕਲਰਕ (96463-32100)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 05-03-2019, ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਦਫ਼ਤਰ ਮੁੱਖ ਮੰਤਰੀ, ਪੰਜਾਬ ਵਲੋਂ ਡਿਪਟੀ ਕਮਿਸ਼ਨਰ, ਸੰਗਰੂਰ ਨੂੰ ਭੇਜੇ ਗਏ ਪੱਤਰ ਨੰ:4/30/2017/ਜੀ.ਏ.1/ਈ2838/1, ਮਿਤੀ 06-02-2019 ਨਾਲ ਸਬੰਧਤ 09 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 24-05-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 23-07-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 27-08-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 18-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ ਦੀ ਮਿਤੀ 10-10-2019 ਤੇ ਅਪੀਲਕਰਤਾ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋ ਹਾਜ਼ਰ ਨਾ ਹੋਣ ਬਾਰੇ ਈ.ਮੇਲ, ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਸੀ ਕਿ ਉਸਨੂੰ ਜ਼ੋ ਸੂਚਨਾ ਪ੍ਰਾਪਤ ਹੋਈ ਹੈ ਉਹ ਸਹੀ ਨਹੀਂ। ਇਹ ਕੇਸ ਅਗਲੀ ਸੁਣਵਾਈ ਮਿਤੀ 30-10-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ। ਮਿਤੀ 30-10-2019 ਨੂੰ ਵੀ ਅਪੀਲਕਰਤਾ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ ਪਰ ਉਸ ਵਲੋਂ ਈ.ਮੇਲ. ਰਾਹੀਂ ਦਸਿਆ ਗਿਆ ਕਿ ਉਹ ਬਿਮਾਰ ਹੈ ਅਤੇ ਅਗਲੀ ਮਿਤੀ ਦਿੱਤੀ ਜਾਵੇ। ਉੱਤਰਦਾਤਾ ਵਲੋਂ ਸ਼੍ਰੀ ਗੁਰਪ੍ਰੀਤ ਸਿੰਘ, ਕਲਰਕ ਹਾਜ਼ਰ ਹੋਇਆ ਸੀ। ਉਸ ਵਲੋਂ ਉਪ ਮੰਡਲ ਮੈਜਿਸਟਰੇਟ, ਸੁਨਾਮ ਉੱਧਮ ਸਿੰਘ ਵਾਲਾ ਦਾ ਪੱਤਰ ਨ: 1160/ਸਟੈਨੋ ਮਿਤੀ 07-10-2019 ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਨ੍ਹਾਂ ਵਲੋਂ ਡਿਪਟੀ ਕਮਿਸ਼ਨਰ ਸੰਗਰੂਰ ਨੂੰ ਲਿਖਿਆ ਗਿਆ ਕਿ ਇਸ ਦਰਖਾਸਤ ਤੇ ਲੋੜੀਂਦੀ ਪੜਤਾਲ ਕਰਵਾਉਣ ਲਈ ਸਬੰਧਤ ਵਿਭਾਗ ਨੂੰ ਭੇਜਿਆ ਜਾਵੇ। ਪੱਤਰ ਮਿਸਲ ਤੇ ਰੱਖ ਲਿਆ ਗਿਆ ਸੀ। ਉੱਤਰਦਾਤਾ ਵਲੋਂ ਪੇਸ਼ ਕੀਤੀ ਗਈ ਸੂਚਨਾ ਸਹੀ ਸੀ, ਪਰ ਫਿਰ ਵੀ ਅਪੀਲਕਰਤਾ ਵਲੋਂ ਅਗਲੀ ਮਿਤੀ ਦੀ ਮੰਗ ਕੀਤੀ ਗਈ ਸੀ, ਇਸ ਲਈ ਅਗਲੀ ਮਿਤੀ ਤੇ ਆਹਮਣੇ ਸਾਹਮਣੇ ਸੁਣੰਨ ਉਪਰੰਤ ਫੈਸਲਾ ਕਰਨ ਲਈ ਨਿਸਚਿਤ ਕੀਤੀ ਗਈ ਸੀ । ਇਸ ਲਈ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 20-11-2019 ਨੂੰ ਸਵੇਰੇ 11:30 ਵਜੇ ਲਈ_ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਪਰ ਉਸ ਵਲੋ ਈ.ਮੇਲ. ਮਿਤੀ 19-11-2019 ਰਾਹੀਂ ਦਸਿਆ ਗਿਆ ਕਿ ਉਸਨੂੰ ਸੂਚਨਾ ਪ੍ਰਾਪਤ ਹੋ ਗਈ ਹੈ। ਪਰ ਇਹ ਸੂਚਨਾ ਲੇਟ ਦਿੱਤੀ ਗਈ ਹੈ ਜਿਸ ਨਾਲ ਉਸਦਾ ਸਮਾਂ ਅਤੇ ਪੈਸਾ ਬਰਬਾਦ ਹੋਇਆ ਹੈ, ਇਸ ਲਈ ਜੁਰਮਾਨਾ /ਹਰਜਾਨਾ ਪਾਇਆ ਜਾਵੇ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਗੁਰਪ੍ਰੀਤ ਸਿੰਘ, ਕਲਰਕ ਹਾਜ਼ਰ ਹੋਇਆ ਉਸ ਵਲੋਂ ਦਸਿਆ ਗਿਆ ਕਿ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਰਜਿਸਟਰਡ ਪੱਤਰ ਰਾਹੀਂ ਭੇਜ਼ ਦਿੱਤੀ ਗਈ ਹੈ। ਇਸ ਸਬੰਧ ਵਿਚ ਉਨ੍ਹਾਂ ਵਲੋਂ ਮੇਲ ਵੀ ਕੀਤੀ ਗਈ ਹੈ। ਇਸ ਸਬੰਧ ਵਿਚ ਪੱਤਰ ਨੰ: 725/ਸੀ.ਈ.ਏ-4 ਮਿਤੀ 31-10-2019 ਜ਼ੋ ਅਪੀਲਕਰਤਾ ਨੂੰ ਸੰਬੋਧਤ ਹੈ ਅਤੇ ਪੱਤਰ ਨੰ: 726/ਸੀ.ਈ.ਏ-4 ਮਿਤੀ 31-10-2019 ਪਸ਼ੇ ਕੀਤੇ ਗਏ ਜ਼ੋ ਪਹਿਲਾਂ ਹੀ

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:**2648 / 2019

ਮਿਸਲ ਤੇ ਉਪਲਭਧ ਹਨ। ਇਸ ਦੇ ਨਾਲ ਹੀ ਈ.ਮੇਲ. ਮਿਤੀ 31-10-2019 ਅਨੁਸਾਰ ਅਪੀਲਕਰਤਾ ਨੂੰ ਸੂਚਨਾ ਭੇਜਣ ਸਬੰਧੀ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ। ਪੱਤਰ ਈ.ਮੇਲ ਮਿਸਲ ਤੇ ਉਪਲਭਧ ਹਨ।

4. ਅੱਜ ਪੇਸ਼ੀ ਤੇ ਅਪੀਲਕਰਤਾ ਹਾਜ਼ਰ ਨਹੀਂ ਹੋਇਆ ਪਰ ਉਸ ਵਲੋਂ ਪ੍ਰਾਪਤ ਈ.ਮੇਲ. ਵਿਚ ਦਸਿਆ ਗਿਆ ਹੈ ਕਿ ਉਸਨੂੰ ਸੂਚਨਾ ਪ੍ਰਾਪਤ ਹੋ ਗਈ ਹੈ, ਪਰ ਕੋਈ ਤਰੁੱਟੀ ਨਹੀਂ ਦਸੀ ਗਈ। ਉਸ ਵਲੋਂ ਇਹ ਲਿਖਿਆ ਗਿਆ ਹੈ ਕਿ ਉੱਤਰਦਾਤਾ ਅਤੇ ਪਹਿਲੀ ਅਥਾਰਟੀ ਵਲੋਂ ਉਸ ਨੂੰ ਆਰ.ਟੀ.ਆਈ. ਐਕਟ 2005 ਤਹਿਤ ਮਿਥੇ ਸਮੇ ਅੰਦਰ ਕੋਈ ਸੂਚਨਾ ਨਹੀਂ ਦਿੱਤੀ ਗਈ ਸੀ, ਇਸ ਲਈ ਉਸਦਾ ਸਮਾਂ ਅਤੇ ਪੈਸਾ ਖਰਾਬ ਹੋਇਆ ਹੈ, ਇਸ ਲਈ ਉਨ੍ਹਾਂਨੂੰ ਜੁਰਮਾਨਾ/ਹਰਜਾਨਾ ਪਾਇਆ ਜਾਵੇ। ਉੱਤਰਦਾਤਾ ਅਨੁਸਾਰ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ ਹੈ। ਜਿਸ ਸਬੰਧੀ ਉਸ ਵਲੋਂ ਉਕੱਤ ਅਨੁਸਾਰ ਦਸਤਾਵੇਜ਼ ਪੇਸ਼ ਕੀਤੇ ਗਏ। ਉੱਤਰਦਾਤਾ ਵਲੋਂ ਅਪੀਲਕਰਤਾ ਨੂੰ ਦਿੱਤੀ ਗਈ ਸੂਚਨਾ ਤੋਂ ਕਮਿਸ਼ਨ ਸੰਤੁਸ਼ਟ ਹੈ।ਪਰ ਉੱਤਰਦਾਤਾ ਵਲੋਂ ਅਪੀਲਕਰਤਾ ਨੂੰ ਸਮੇ ਸਿਰ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ ਜਿਸ ਲਈ ਉੱਤਰਦਾਤਾ ਨੂੰ ਸਖਤ ਤਾੜਨਾ ਕੀਤੀ ਜਾਂਦੀ ਹੈ ਕਿ ਆਰ.ਟੀ.ਐਕਟ. 2005 ਦੀ ਪਾਲਣਾ ਯਕੀਨੀ ਬਣਾਈ ਜਾਵੇ ਅਤੇ ਅਗੇ ਤੋਂ ਸੁਚੇਤ ਹੋ ਕੇ ਸਮੇਂ ਸਿਰ ਸੂਚਨਾ ਦਿੱਤੀ ਜਾਵੇ। ਇਸ ਲਈ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ। । ਇਸ ਲਈ **ਇਹ ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ,** 20 **ਨਵੰਬਰ ,** 2019. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਗੁਰਮੇਲ ਸਿੰਘ, (85284-30050)
ਪੁੱਤਰ ਸ਼੍ਰੀ ਚੰਨਣ ਸਿੰਘ,ਪਿੰਡ ਤੇ ਡਾਕਖਾਨਾ ਧਬਲਾਨ,
ਤਹਿਸੀਲ ਤੇ ਜਿਲਾ ਪਟਿਆਲਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ,ਪਟਿਆਲਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ,ਪਟਿਆਲਾ। --------ਉੱਤਰਦਾਤਾ

**ਅਪੀਲ ਕੇਸ ਨੰ: 2097/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਤਰਲੋਚਨ ਸਿੰਘ ਏ.ਈ.(95010-37531)।

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 31-07-2019, ਲੋਕ ਸੂਚਨਾ ਅਧਿਕਾਰੀ ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਪਟਿਆਲਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਿਤੀ 01-07-2017 ਤੋਂ 25-07-2018 ਤੱਕ ਗਰਾਮ ਪੰਚਾਇਤ, ਧਬਲਾਨ ਦੇ ਪੰਚਾਇਤੀ ਮਤਿਆਂ ਨਾਲ ਸਬੰਧਤ 03 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 28-01-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 12-06-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 26-07-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 26-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ। ਮਿਤੀ 26-08-2019 ਤੇ ਅਪੀਲਕਰਤਾ ਵੱਲੋਂ ਹਾਜ਼ਰ, ਸ਼੍ਰੀ ਗਿਆਨ ਚੰਦ ਨੇ ਕਿਹਾ ਸੀ ਕਿ ਉਸ ਨੂੰ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਪੇਸ਼ੀ ਤੇ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 18-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ। ਉੱਤਰਦਾਤਾ(ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਬੂਟਾ ਸਿੰਘ, ਪੰਚਾਇਤ ਸਕੱਤਰ ਨੇ ਦਸਿਆ ਕਿ ਅਪੀਲਕਰਤਾ ਵਲੋਂ ਮੰਗੀ ਗਈ ਸੂਚਨਾ ਬਾਰੇ ਪੜਤਾਲ ਉਪ ਮੰਡਲ ਮੈਜਿਸਟਰੇਟ, ਰਾਜਪੁਰਾ ਕੋਲ ਚਲ ਰਹੀ ਹੈ ਜਿਸ ਕਰਕੇ ਸਬੰਧਤ ਰਿਕਾਰਡ ਉਨ੍ਹਾਂ ਦੇ ਦਫਤਰ ਨੂੰ ਭੇਜਿਆ ਹੋਇਆ ਹੈ। ਇਸ ਲਈ ਹਾਜਰ ਉਤਰਦਾਤਾ ਨੇ ਕਿਹਾ ਕਿ ਪੜਤਾਲ ਮੁਕੰਮਲ ਹੋਣ ਤੇ ਅਪੀਲਕਰਤਾ ਨੂੰ ਮੰਗੀ ਸੂਚਨਾ ਮੁਹੱਈਆ ਕਰਵਾ ਦਿੱਤੀ ਜਾਵੇਗੀ। ਇਸ ਲਈ ਇਹ ਕੇਸ ਅਗਲੀ ਅਗਲੀ ਸੁਣਵਾਈ ਲਈ ਮਿਤੀ 10-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ। ਅਪੀਲਕਰਤਾ ਅਤੇ ਉਤਰਦਾਤਾ ਦੀ ਤਰਫੋਂ ਪੇਸ਼ ਨੁਮਾਇੰਦਿਆਂ ਦੀ ਸਹਿਮਤੀ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 30-10-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ ਦੀ ਮਿਤੀ 30-10-2019 ਤੇ ਅਪੀਲਕਰਤਾ ਵਲੋਂ ਹਾਜ਼ਰ ਗਿਆਨ ਚੰਦ ਵਲੋਂ ਦਸਿਆ ਗਿਆ ਕਿ ਦਿੱਤੀ ਗਈ ਜਾਣਕਾਰੀ ਤੋਂ ਸੰਤੁਸ਼ਟ ਨਹੀਂ ਹੈ । ਉੱਤਰਦਾਤਾ ਵਲੋਂ ਕੋਈ ਪੇਸ਼ ਨਹੀਂ ਹੋਇਆ ਪਰ ਇਸ ਤੋਂ ਪਿਛਲੀ ਮਿਤੀ ਤੇ ਪੇਸ਼ ਉੱਤਰਦਾਤਾ ਸ੍ਰੀ ਬੂਟਾ ਸਿੰਘ, ਵਲੋਂ ਦਸਿਆ ਗਿਆ ਸੀ ਕਿ ਨੁਕਤਾ ਨੰ:1 ਦੀ ਸੂਚਨਾ ਸਿਵਲ ਕੰਮਾਂ ਦੇ ਐਸਟੀਮੇਟ ਆਦਿ ਨਾਲ ਸਬੰਧਤ ਹੈ ਅਤੇ ਇਹ ਸੂਚਨਾ ਜੇ.ਈ. ਵਲੋਂ ਮੁਹੱਈਆ ਕਰਵਾਈ ਜਾਣੀ ਹੈ। ਇਸ ਲਈ ਜੇ.ਈ., ਮਾਰਫਤ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ,ਪਟਿਆਲਾ ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਵਲੋਂ ਨੁਕਤਾ ਨੰ: 1 ਸਬੰਧੀ ਮੰਗੀ ਗਈ ਸੂਚਨਾ ਅਪੀਲਕਰਤਾ ਨੂੰ ਮੁਹੱਈਆ ਕਰਵਾ ਕੇ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ ਅਤੇ ਅਗਲੀ ਮਿਤੀ ਤੇ ਹਾਜ਼ਰੀ ਯਕੀਨੀ ਬਣਾਈ ਜਾਵੇ। ਇਸ ਲਈ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 20-11-2019 ਨੂੰ ਸਵੇਰੇ 11:30 ਵਜੇ ਲਈ_ਨਿਸਚਿਤ ਕੀਤਾ ਗਿਆ ਸੀ।

3. ਅਪੀਲਕਰਤਾ ਵੱਲੋਂ ਕੋਈ ਹਾਜ਼ਰ ਨਹੀਂ ਹੋਇਆ ਪਰ ਉਸ ਦੇ ਨੁਮਾਇੰਦੇ ਸ਼੍ਰੀ ਗਿਆਨ ਚੰਦ ਵਲੋਂ ਈ.ਮੇਲ ਰਾਹੀਂ ਬੇਨਤੀ ਕੀਤੀ ਗਈ ਕਿ ਉਹ ਹਾਜ਼ਰ ਨਹੀਂ ਹੋ ਸਕਦਾ । ਇਸ ਦੇ ਨਾਲ ਹੀ ਦਸਿਆ ਗਿਆ ਕਿ ਉਸਨੂੰ ਅਜੇ ਤੱਕ ਕੋਈ ਸੂਚਨਾ ਨਹੀਂ ਦਿਤੀ ਗਈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਤਰਲੋਚਨ ਸਿੰਘ ਏ.ਈ. ਹਾਜ਼ਰ ਹੋਇਆ। ਉਸ ਵਲੋਂ ਦਸਿਆ ਗਿਆ ਕਿ ਸ੍ਰੀ ਗੁਰਮੇਲ ਸਿੰਘ ਅਪੀਲਕਰਤਾ ਵਲੋਂ ਮੰਗੀ ਗਈ ਸੂਚਨਾ ਲੈ ਕੇ ਉਸਨੂੰ ਦੇਣ ਲਈ ਆਏ ਹਨ।

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ**: 2097/2019

ਪਰ ਵਿਚ ਕੋਈ ਪੱਤਰ ਪੇਸ਼ ਨਹੀਂ ਕੀਤਾ ਗਿਆ।

5. ਅਪੀਲਕਰਤਾ ਵਲੋਂ ਕੀਤੀ ਬੇਨਤੀ ਕਿ ਉਹ ਹਾਜ਼ਰ ਨਹੀਂ ਹੋ ਸਕਦਾ ਪ੍ਰਵਾਨ ਕਰ ਲਈ ਗਈ। ਉੱਤਰਦਾਤਾ (ਲੋਕ ਸੂਚਨਾ ਅਫਸਰ ) ਵਲੋਂ ਹਾਜ਼ਰ ਸ੍ਰੀ ਤਰਲੋਚਨ ਸਿੰਘ ਏ.ਈ. ਵਲੋਂ ਅਪੀਲਕਰਤਾ ਨੂੰ ਦੇਣ ਲਈ ਮੰਗੀ ਗਈ ਸੂਚਨਾ ਲਿਆਂਦੀ ਗਈ ਸੀ ਪਰ ਉਸ ਤੇ ਕੋਈ ਫਾਰਵਰਡਿੰਗ ਪੱਤਰ ਨਹੀਂ ਸੀ। ਉਸਨੂੰ ਹਦਾਇਤ ਕੀਤੀ ਗਈ ਕਿ ਅਪੀਲਕਰਤਾ ਨੂੰ ਫਾਰਵਰਡਿੰਗ ਪੱਤਰ ਰਾਹੀਂ ਸੂਚਨਾ ਭੇਜਦੇ ਹੋਏ ਰਸੀਦ ਦੀ ਕਾਪੀ ਦਿੱਤੀ ਜਾਵੇ। ਉੱਤਰਦਾਤਾ ਵਲੋਂ ਕਮਿਸ਼ਨ ਦੇ ਹੁੱਕਮਾਂ ਦੀ ਪਾਲਣਾ ਕਰਦੇ ਹੋਏ ਅਪੀਲਕਰਤਾ ਨੂੰ ਅੱਜ ਹੀ ਪੱਤਰ ਮਿਤੀ 20-11-2019 ਰਾਹੀਂ ਮੰਗੀ ਗਈ ਸੂਚਨਾ ਭੇਜ਼ ਦਿੱਤੀ ਗਈ ਹੈ। ਜਿਸਦੀ ਪੁਸਟੀ ਵਜੋਂ ਪੋਸਟ ਆਫਿਸ ਦੀ ਰਸੀਦ ਪੇਸ਼ ਕੀਤੀ ਗਈ ਹੈ। ਇਸ ਲਈ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ । ਇਸ ਲਈ **ਇਹ ਅਪੀਲ ਕੇਸ ਦਾਖਲ ਦਫਤਰ ਕੀਤਾ** ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ**, 20 **ਨਵੰਬਰ** , 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਸੁਰਿੰਦਰ ਸਿੰਘ, (93562-62225)
ਸਾਬਕਾ ਸਰਪੰਚ, ਸਾਲੋਵਾਲ,
ਤਹਿਸੀਲ ਤੇ ਜ਼ਿਲ੍ਹਾ, ਪਠਾਨਕੋਟ। -------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਘਰੋਟਾ,
ਜ਼ਿਲ੍ਹਾ ਪਠਾਨਕੋਟ। ------ਉੱਤਰਦਾਤਾ

**ਸ਼ਿਕਾਇਤ ਕੇਸ ਨੰ: 531/2019**

**ਹਾਜ਼ਰ:-**

1) ਸ਼ਿਕਾਇਤਕਰਤਾ ਵੱਲੋਂ ਕੋਈ ਨਹੀਂ।।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਰਾਜੀਵ ਕੁਮਾਰ, ਪੰਚਾਇਤ ਸਕੱਤਰ (84270-08021)।

**ਹੁੱਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ, ਮਿਤੀ 29-11-2018 ਨੂੰ ਲੋਕ ਸੂਚਨਾ ਅਧਿਕਾਰੀ ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਘਰੋਟਾ, ਜ਼ਿਲ੍ਹਾ ਪਠਾਨਕੋਟ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸਾਲ 2016 ਤੋਂ ਲੈ ਕੇ 2018 ਤੱਕ ਪੰਚਾਇਤ ਪਿੰਡ ਛਾਲੋਵਾਲ ਦੇ ਕੰਮ, ਪੰਚਾਇਤ ਫੰਡ, 4 ਲੱਖ ਰੁਪਏ ਦੀ ਗਰਾਂਟ ਦੀ ਵਰਤੋਂ ਅਤੇ ਪੰਚਾਇਤ ਦੇ ਖਾਤੇ ਆਦਿ ਨਾਲ ਸਬੰਧਤ ਸੂਚਨਾ ਮੰਗੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਮਿਤੀ 06-06-2019 ਨੂੰ ਸ਼ਿਕਾਇਤਕਰਤਾ ਨੇ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 29-07-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 27-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ। ਦੋਵਾਂ ਧਿਰਾਂ ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ। ਇਸ ਲਈ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 18-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।ਜਿਸ ਉਪਰੰਤ ਅਗਲੀ ਸੁਣਵਾਈ ਮਿਤੀ 10-10-2019 ਨੂੰ ਫਿਰ ਦੋਵਾਂ ਧਿਰਾਂ ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਇਸ ਲਈ ਅਗਲੀ ਮਿਤੀ 30-10-2019 ਨਿਸਚਿਤ ਕੀਤੀ ਗਈ ਸੀ।

2. ਪਿਛਲੀ ਮਿਤੀ 30-10-2019 ਨੂੰ ਵੀ ਦੋਵੇ ਧਿਰਾਂ ਵਲੋਂ ਕੋਈ ਪੇਸ਼ ਨਹੀਂ ਸੀ ਹੋਇਆ ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਇਕ ਵਾਰ ਫਿਰ ਹਦਾਇਤ ਕੀਤੀ ਗਈ ਸੀ ਕਿ ਸ਼ਿਕਾਇਤਕਰਤਾ ਦੇ ਬਿਨੈ-ਪੱਤਰ ਅਨੁਸਾਰ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਸ਼ਿਕਾਇਤਕਰਤਾ ਨੂੰ ਅਗਲੀ ਪੇਸ਼ੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾਈ ਜਾਵੇ ਅਤੇ ਅਗਲੀ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਲਗਾਤਾਰ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਆਰ.ਟੀ.ਆਈ. ਐਕਟ, 2005, ਤਹਿਤ ਬਣਦੀ ਅਗਲੇਰੀ ਇਕਤਰਫਾ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਇਸ ਲਈ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 20-11-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਸ਼ਿਕਾਇਤਕਰਤਾ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਰਾਜੀਵ ਕੁਮਾਰ, ਪੰਚਾਇਤ ਸਕੱਤਰ ਹਾਜ਼ਰ ਹੋਇਆ। ਉਸ ਵਲੋਂ ਦਸਿਆ ਗਿਆ ਕਿ ਉਹ ਸ਼ਿਕਾਇਤਕਰਤਾ ਨੂੰ ਦਿੱਤੀ ਜਾਣ ਵਾਲੀ ਸੂਚਨਾ ਲੈ ਕੇ ਆਇਆ ਹੈ। ਇਸ ਦੇ ਨਾਲ ਹੀ ਦਸਿਆ ਗਿਆ ਕਿ ਬੀ.ਡੀ.ਪੀ.ਓ. ਦੀ ਮੌਤ ਹੋ ਗਈ ਸੀ, ਜਿਸ ਕਾਰਨ ਸੂਚਨਾ ਵਿਚ ਦੇਰੀ ਹੋਈ। ਹੁਣ ਉਨ੍ਹਾਂ ਦੀ ਥਾਂ ਨਵੇਂ ਬੀ.ਡੀ.ਪੀ.ਓ ਤੈਨਾਤ ਹੋਏ ਹਨ। ਇਸ ਤੋਂ ਇਲਾਵਾ ਪਿਛਲੀ ਮਿਤੀ ਤੇ ਉਸਦੇ ਰਿਸ਼ਤੇਦਾਰ ਦੀ ਮੌਤ ਹੋ ਜਾਣ ਕਾਰਨ ਉਹ ਹਾਜ਼ਰ ਨਹੀਂ ਸਕਿਆ।

5. ਸ਼ਿਕਾਇਤਕਰਤਾ ਹਾਜ਼ਰ ਨਹੀਂ ਹੋਇਆ। ਉੱਤਰਦਾਤਾ ਦੇ ਨੁਮਾਇੰਦੇ ਸ਼੍ਰੀ ਰਾਜਿਵ ਕੁਮਾਰ ਜ਼ੋ ਜਾਣਕਾਰੀ ਲੈ ਕੇ ਹਾਜ਼ਰ ਹੋਇਆ ਹੈ ਵੇਖ ਲਈ ਹੈ, ਇਸ ਨਾਲ ਕੋਈ ਕਵਰਿੰਗ ਲੈਟਰ ਨਹੀਂ ਸੀ। ਇਸ ਲਈ ਉਸਨੂੰ ਹਦਾਇਤ ਕੀਤੀ ਗਈ ਕਿ ਇਹ ਸੂਚਨਾ ਕਵਰਿੰਗ ਲੈਟਰ ਲਾ ਕੇ ਬੀ.ਡੀ.ਪੀ.ਓ. ਤੋਂ ਹਸਤਾਖਰ ਕਰਵਾਕੇ ਸ਼ਿਕਾਇਤਕਰਤਾ ਨੂੰ ਭੇਜੀ ਜਾਵੇ ਅਤੇ ਇਸ ਦੀ ਕਾਪੀ ਕਮਿਸ਼ਨ ਨੂੰ ਭੇਜੀ ਜਾਵੇ। ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ। ਇਸ ਲਈ **ਇਹ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 20 ਨਵੰਬਰ , 2019.** ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਹਰਮਿਲਾਪ ਸਿੰਘ ਗਰੇਵਾਲ 9356200018
ਮਕਾਨ ਨੰ: 22173 ਪਾਵਰ ਹਾਉਸ ਰੋਡ ਬਠਿੰਡਾ 151001 ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਾਇਰੈਕਟਰ ਵਿਜੀਲੈਂਸ ਬਿਉਰੋ,ਪੰਜਾਬ, ਚੰਡੀਗੜ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਾਇਰੈਕਟਰ ਵਿਜੀਲੈਂਸ ਬਿਉਰੋ,ਪੰਜਾਬ, ਚੰਡੀਗੜ। ------ਉੱਤਰਦਾਤਾ

**ਅਪੀਲ ਕੇਸ ਨੰ 3290/2019**

**ਹਾਜ਼ਰ:-**

1) ਅਪੀਲਕਰਤਾ ਵਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਰਾਜੇਸ਼ ਕੁਮਾਰ ਐਸ.ਆਈ.

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 06-06-2019, ਲੋਕ ਸੂਚਨਾ ਅਧਿਕਾਰੀ ਦਫਤਰ ਡਾਇਰੈਕਟਰ ਵਿਜੀਲੈਂਸ ਬਿਉਰੋ, ਪੰਜਾਬ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵਲੋਂ ਸ਼ਿਕਾਇਤ ਨੰਬਰ 03/17, ਲੁਧਿਆਣਾ ਵਿਚ ਪੇਸ਼ ਕੀਤੀ ਗਈ ਰਿਪੋਰਟ (ਦਸਤਾਵੇਜ਼ ਸਹਿਤ ) ਦੀ ਕਾਪੀ ਦੀ ਮੰਗ ਕੀਤੀ ਗਈ ਸੀ। ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 06-07-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 18-07-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 20-09-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 11-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ। ਮਿਤੀ 11-10-2019 ਤੇ ਅਪੀਲਕਰਤਾ ਹਾਜ਼ਰ ਨਹੀਂ ਸੀ ਹੋਇਆ ਪਰ ਉਸ ਵਲੋਂ ਈ.ਮੇਲ. ਮਿਤੀ 24-09-2019 ਰਾਹੀਂ ਬੇਨਤੀ ਕੀਤੀ ਗਈ ਸੀ ਕਿ ਉਹ ਅੱਜ ਪੇਸ਼ੀ ਤੇ ਹਾਜ਼ਰ ਨਹੀਂ ਹੋ ਸਕਦਾ ਉਸਦੀ ਸੁਣਵਾਈ ਵਿਡੀਓ ਕਾਨਫਰੰਸ ਰਾਹੀਂ ਕੀਤੀ ਜਾਵੇ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਰਾਜੇਸ਼ ਕੁਮਾਰ, ਐਸ.ਆਈ. ਪੇਸ਼ ਹੋਇਆ। ਉਸ ਵਲੋਂ ਦਸਿਆ ਗਿਆ ਕਿ ਅਪੀਲਕਰਤਾ ਨੂੰ ਜਵਾਬ ਪਹਿਲਾਂ ਹੀ ਦਿੱਤਾ ਹੋਇਆ ਹੈ। ਜਿਥੋਂ ਤੱਕ ਸ਼ਿਕਾਇਤ ਦੀ ਰਿਪੋਰਟ ਦਾ ਸਬੰਧ ਹੈ ਇਸ ਸਬੰਧੀ ਪੜਤਾਲ ਅਜੇ ਪੈਡਿੰਗ ਹੈ। ਪੇਸ਼ੀ ਤੇ ਹਾਜ਼ਰ ਉਤਰਦਾਤਾ ਵਲੋਂ ਲੋਕ ਸੂਚਨਾ ਅਧਿਕਾਰੀ ਦਾ ਪੱਤਰ ਨੰ: 45757/ਵਬ/ਐਸ-14, ਮਿਤੀ 04-10-2019 ਪੇਸ਼ ਕੀਤਾ ਗਿਆ ਜਿਸਦਾ ਉਤਾਰਾ ਅਪੀਲਕਰਤਾ ਨੂੰ ਵੀ ਰਜਿਸਟਰਡ ਡਾਕ ਰਾਹੀਂ ਭੇਜਿਆ ਗਿਆ ਸੀ। ਇਸ ਦੇ ਨਾਲ ਉਨ੍ਹਾਂ ਵਲੋਂ ਦਸਿਆ ਗਿਆ ਸੀ ਕਿ ਸ਼ਿਕਾਇਤ ਨੰ: 03/17 ਲੁਧਿਆਣਾ ਦੇ ਸਬੰਧ ਵਿਚ ਵਧੀਕ ਮੁੱਖ ਸਕੱਤਰ, ਪੰਜਾਬ ਸਰਕਾਰ ਸਿਹਤ ਤੇ ਪਰਿਵਾਰ ਭਲਾਈ ਵਿਭਾਗ, ਚੰਡੀਗੜ੍ਹ (ਸਿਹਤ-6 ਸ਼ਾਖਾ) ਪਾਸੋਂ ਰਿਪੋਰਟ ਮੰਗੀ ਗਈ ਹੈ । ਉਤਰਦਾਤਾ ਵਲੋਂ ਪੇਸ਼ ਕੀਤੇ ਗਏ ਉੱਤਰ ਅਨੁਸਾਰ ਇਸ ਕੇਸ ਵਿਚ ਸਿਹਤ ਵਿਭਾਗ ਪਾਸੋਂ ਰਿਪੋਰਟ ਮੰਗੀ ਗਈ ਹੈ।ਇਸ ਤਰ੍ਹਾਂ ਵਿਜੀਲੈਂਸ ਵਿਭਾਗ ਵਲੋਂ ਕੋਈ ਸੂਚਨਾ ਪੈਡਿੰਗ ਨਹੀਂ ਹੈ। ਇਸ ਲਈ ਲੋਕ ਸੂਚਨਾ ਅਧਿਕਾਰੀ-ਕਮ- ਵਧੀਕ ਮੁੱਖ ਸਕੱਤਰ, ਪੰਜਾਬ ਸਰਕਾਰ ਸਿਹਤ ਤੇ ਪਰਿਵਾਰ ਭਲਾਈ ਵਿਭਾਗ, ਚੰਡੀਗੜ੍ਹ (ਸਿਹਤ-6 ਸ਼ਾਖਾ) ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਵਲੋਂ ਮੰਗੀ ਗਈ ਸੂਚਨਾ ਸਬੰਧਤ ਵਿਭਾਗ ਅਤੇ ਅਪੀਲਕਰਤਾ ਨੂੰ ਭੇਜਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ ਅਤੇ ਅਗਲੀ ਪੇਸ਼ੀ ਦੀ ਮਿਤੀ ਤੇ ਹਾਜ਼ਰੀ ਯਕੀਨੀ ਬਣਾਈ ਜਾਵੇ। ਇਸ ਹਦਾਇਤ ਨਾਲ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 30-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਮਿਤੀ 30-10-2019 ਨੂੰ ਫਿਰ ਅਪੀਲਕਰਤਾ ਹਾਜ਼ਰ ਨਹੀਂ ਸੀ ਹੋਇਆ ਪਰ ਉਸ ਵਲੋਂ ਪਿਛਲੀ ਮਿਤੀ ਤੋਂ ਪਹਿਲਾਂ ਈ.ਮੇਲ. ਮਿਤੀ 24-09-2019 ਰਾਹੀਂ ਬੇਨਤੀ ਕੀਤੀ ਗਈ ਸੀ ਕਿ ਉਸਦੀ ਸੁਣਵਾਈ ਵਿਡੀਓ ਕਾਨਫਰੰਸ ਰਾਹੀਂ ਕੀਤੀ ਜਾਵੇ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਰਾਜੇਸ਼ ਕੁਮਾਰ ਐਸ.ਆਈ. ਹਾਜ਼ਰ ਹੋਇਆ। ਉਸ ਵਲੋਂ ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦਾ ਪੱਤਰ ਨੰ: ਪੀ.ਐਚ.ਐਸ.ਸੀ./ਖਰੀਦ/19/3152-54 ਮਿਤੀ 18-10-2019 ਪੇਸ਼ ਗਿਆ ਜੋ ਸੁੱਪਰਡੰਟ ਕਰਾਈਮ-2 ਵਿਜਲੈਂਸ ਬਿਊਰੋ, ਪੰਜਾਬ ਚੰਡੀਗੜ੍ਹ ਨੂੰ ਸੰਬੋਧਤ ਹੈ । ਸ਼ਿਕਾਇਤ ਕਰਤਾ ਵਲੋਂ ਵੀਡੀਓ ਕਾਨਫਰੰਸ ਰਾਹੀਂ ਸੁਣਵਾਈ ਦੀ ਮੰਗ ਕੀਤੀ ਗਈ ਸੀ। ਕਿਉਂਜੋ ਇਹ ਮਾਮਲਾ ਵੀਡੀਓ ਕਾਨਫਰੰਸ ਰਾਹੀਂ

ਪਰਤੋ ਜੀ-----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ** 3290/2019

ਸੁਲਝੱਣ ਵਾਲਾ ਨਹੀਂ, ਇਸ ਲਈ ਉਸਦੀ ਇਸ ਮੰਗ ਨੂੰ ਰੱਦ ਕੀਤਾ ਗਿਆ ਸੀ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ੍ਰੀ ਰਾਜੇਸ਼ ਕੁਮਾਰ ਐਸ.ਆਈ. ਵਲੋਂ ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦਾ ਪੱਤਰ ਨੰ: ਪੀ.ਐਚ.ਐਸ.ਸੀ./ਖਰੀਦ/19/3152-54 ਮਿਤੀ 18-10-2019 ਪੇਸ਼ ਕੀਤਾ ਗਿਆ ਸੀ ਜ਼ੋ ਸੁਪਰਡੰਟ ਕਰਾਈਮ-2 ਵਿਜਲੈਂਸ ਬਿਊਰੋ, ਪੰਜਾਬ ਚੰਡੀਗੜ੍ਹ ਨੂੰ ਸੰਬੋਧਤ ਹੈ। ਇਸ ਪੱਤਰ ਰਾਹੀਂ ਉਨ੍ਹਾਂ ਵਲੋਂ ਸ਼ਿਕਾਇਤ ਨੰ: 3/17 ਲੁਧਿਆਣਾ ਜ਼ੋ ਸ੍ਰੀ ਹਰਮਿਲਾਪ ਸਿੰਘ ਗਰੇਵਾਲ , ਅਪੀਲਕਰਤਾ ਨਾਲ ਸਬੰਧਤ ਹੈ ਬਾਰੇ ਰਿਪੋਰਟ ਭੇਜੀ ਗਈ ਹੈ। ਇਸ ਲਈ ਹਾਜ਼ਰ ਉੱਤਰਦਾਤਾ ਨੂੰ ਹਦਾਇਤ ਕੀਤੀ ਗਈ ਕਿ ਸਬੰਧਤ ਵਿਭਾਗ ਵਲੋਂ ਪ੍ਰਾਪਤ ਉਕਤ ਪੱਤਰ ਮਿਤੀ 18-10-2019 ਦੀ ਕਾਪੀ ਸੂਚਨਾ ਹਿੱਤ ਅਪੀਲਕਰਤਾ ਨੂੰ ਰਜਿਸਟਰਡ ਪੋਸਟ ਰਾਹੀਂ ਭੇਜਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਹਦਾਇਤ ਨਾਲ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 20-11-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਪੇਸ਼ੀ ਤੇ ਅਪੀਲਕਰਤਾ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਰਾਜੇਸ਼ ਕੁਮਾਰ ਐਸ.ਆਈ. ਹਾਜ਼ਰ ਹੋਇਆ। ਉਸ ਵਲੋਂ ਦਸਿਆ ਗਿਆ ਕਿ ਅਪੀਲਕਰਤਾ ਨੂੰ ਸੂਚਨਾ ਭੇਜ਼ ਦਿੱਤੀ ਗਈ ਹੈ। ਇਸ ਸਬੰਧ ਵਿਚ ਉਸ ਵਲੋਂ ਪੱਤਰ ਨੰ: 50428/ਵਬ/ਐਸ-14 ਮਿਤੀ 15-11-2019 ਜ਼ੋ ਅਪੀਲਕਰਤਾ ਨੂੰ ਸੰਬੋਧਤ ਹੈ ਅਤੇ ਉਤਾਰਾ ਕਮਿਸ਼ਨ ਨੂੰ ਕੀਤਾ ਗਿਆ ਹੈ ਪੇਸ਼ ਕੀਤਾ ਗਿਆ । ਇਸ ਸਬੰਧ ਵਿਚ ਪੋਸਟ ਆਫਿਸ ਦੀ ਰਸੀਦ ਮਿਤੀ 19-11-2019 ਵੀ ਪੇਸ਼ ਕੀਤੀ ਗਈ ਹੈ।

5. ਅਪੀਲਕਰਤਾ ਹਾਜ਼ਰ ਨਹੀਂ ਹੋਇਆ। ਉਸ ਵਲੋਂ ਵਿਡੀਓ ਕਾਨਫਰੰਸ ਦੀ ਮੰਗ ਕੀਤੀ ਜਾ ਰਹੀ ਸੀ ਜਿਸ ਸਬੰਧੀ ਉਸਨੂੰ ਪਹਿਲਾਂ ਹੀ ਲਿਖਿਆ ਗਿਆ ਸੀ ਕਿ ਵਿਡੀਓ ਕਾਨਫਰੰਸ ਨਹੀਂ ਹੋ ਸਕਦੀ। ਉੱਤਰਦਾਤਾ ਨੂੰ ਪਿਛਲੀ ਮਿਤੀ ਤੇ ਹਦਾਇਤ ਕੀਤੀ ਗਈ ਸੀ ਕਿ ਸਬੰਧਤ ਵਿਭਾਗ ਵਲੋਂ ਪ੍ਰਾਪਤ ਪੱਤਰ ਮਿਤੀ 18-10-2019 ਦੀ ਕਾਪੀ ਸੂਚਨਾ ਹਿੱਤ ਅਪੀਲਕਰਤਾ ਨੂੰ ਰਜਿਸਟਰਡ ਪੋਸਟ ਰਾਹੀਂ ਭੇਜਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਅੱਜ ਉਸ ਵਲੋਂ ਉਕਤ ਅਨੁਸਾਰ ਕਮਿਸ਼ਨ ਦੇ ਹੁਕੱਮਾਂ ਅਨੁਸਾਰ ਕਾਰਵਾਈ ਕਰਦੇ ਹੋਏ ਰਸੀਦ ਦੀ ਕਾਪੀ ਪੇਸ਼ ਕਰ ਦਿੱਤੀ ਗਈ ਹੈ। ਇਸ ਤਰ੍ਹਾਂ ਉੱਤਰਦਾਤਾ ਵਲੋਂ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਵਾ ਦਿੱਤੀ ਗਈ ਹੈ । ਜਿਸ ਤੋਂ ਕਮਿਸ਼ਨ ਸੰਤੁਸ਼ਟ ਹੈ। ਇਸ ਲਈ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ। ਇਸ ਲਈ **ਇਹ ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ,** 20 **ਨਵੰਬਰ** , 2019. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸਰਬਜੀਤ ਸਿੰਘ ਮਿਨਹਾਸ 9872258726
ਮਕਾਨ ਨੰ 1375 ਗਲੀ ਚੋਬਨਾ ਵਾਲੀ ਵੇਰਕਾ ,ਅੰਮ੍ਰਿਤਸਰ। -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਡਾਇਰੈਕਟਰ ਸਟੇਟ ਟਰਾਂਸਪੋਰਟ ਪੰਜਾਬ ਚੰਡੀਗੜ।

ਪਹਿਲੀ ਅਪੀਲੀ ਅਥਾਰਟੀ,
ਡਾਇਰੈਕਟਰ ਸਟੇਟ ਟਰਾਂਸਪੋਰਟ ਪੰਜਾਬ ਚੰਡੀਗੜ। ------ਉੱਤਰਦਾਤਾ

**ਅਪੀਲ ਕੇਸ ਨੰ: 3547/2019**

**ਹਾਜ਼ਰ:-**

1) ਅਪੀਲਕਰਤਾ ਸਰਬਜੀਤ ਸਿੰਘ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਬਲਵੀਰ ਸਿੰਘ, ਸੀਨੀਅਰ ਸਹਾਇਕ 9478087515

**ਹੁੱਕਮ:**

ਪਿਛਲੀ ਸੁਣਵਾਈ ਦੀ ਮਿਤੀ 06-11-2019 ਨੂੰ ਪੇਸ਼ੀ ਤੇ ਅਪੀਲਕਰਤਾ ਸ੍ਰੀ ਸਰਬਜੀਤ ਸਿੰਘ, ਹਾਜ਼ਰ ਹੋਇਆ। ਉਸ ਵਲੋਂ ਦਸਿਆ ਗਿਆ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ। ਇਸ ਲਈ ਬੇਨਤੀ ਕੀਤੀ ਗਈ ਕਿ ਉਸਨੂੰ ਮੰਗੀ ਗਈ ਸੂਚਨਾ ਮੁਹੱਈਆ ਕਰਵਾਈ ਜਾਵੇ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਰਾਮ ਦਾਸ, ਸੁਪਰਡੰਟ ਅਤੇ ਸ੍ਰੀਮਤੀ ਹਰਮੋਹਨ ਕੋਰ, ਕਲਰਕ ਹਾਜ਼ਰ ਹੋਏ ਉਨ੍ਹਾਂ ਵਲੋਂ ਦਸਿਆ ਗਿਆ ਕਿ ਅਪੀਲਕਰਤਾ ਵਲੋਂ ਮੰਗੀ ਗਈ ਸੂਚਨਾ ਨਾਲ ਸਬੰਧਤ ਜਿਲਾ ਦਫਤਰ ਤੋਂ ਰਿਕਾਰਡ ਮੰਗਿਆ ਗਿਆ ਹੈ। ਇਸ ਲਈ ਉੱਤਰਦਾਤਾ ਵਲੋਂ ਸਮੇਂ ਦੀ ਮੰਗ ਕੀਤੀ ਗਈ। ਉੱਤਰਦਾਤਾ ਵਲੋਂ ਹਾਜ਼ਰ ਨੁਮਾਇੰਦੇ ਵਲੋਂ ਕੀਤੀ ਗਈ ਬੇਨਤੀ ਨੂੰ ਪ੍ਰਵਾਨ ਕਰਦੇ ਹੋਏ, ਇਹ ਅਪੀਲ ਕੇਸ ਅਗਲੀ ਸੁਣਵਾਈ ਮਿਤੀ 20-11-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਅਪੀਲਕਰਤਾ ਹਾਜ਼ਰ ਹੋਇਆ ਉਸ ਵਲੋਂ ਦਸਿਆ ਗਿਆ ਕਿ ਉਸ ਵਲੋਂ ਆਪਣੇ ਪੱਤਰ ਮਿਤੀ 09-11-2019 ਵਿਚ ਦਸੇ ਗਏ 04 ਨੁਕਤਿਆਂ ਸਬੰਧੀ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ। ਜੋ ਮਿਤੀ 20-11-2019 ਤੋਂ ਪਹਿਲਾਂ ਪਹਿਲਾਂ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਗਈ। ਇਹ ਪੱਤਰ ਉੱਤਰਦਾਤਾ ਨੂੰ ਸੰਬੋਧਤ ਹੈ ਅਤੇ ਉਤਾਰਾ ਕਮਿਸ਼ਨ ਨੂੰ ਕੀਤਾ ਗਿਆ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਬਲਵੀਰ ਸਿੰਘ, ਸੀਨੀਅਰ ਸਹਾਇਕ ਹਾਜ਼ਰ ਹੋਇਆ, ਉਸ ਵਲੋਂ ਉੱਤਰਦਾਤਾ ਦਾ ਪੱਤਰ ਮਿਤੀ 06-11-2019 ਜ਼ੋ ਕਮਿਸ਼ਨ ਨੂੰ ਸੰਬੋਧਤ ਹੈ, ਰਾਹੀਂ ਦਸਿਆ ਗਿਆ ਕਿ ਬਿਨੈਕਾਰ ਨੂੰ ਪਹਿਲਾਂ ਭੇਜੇ ਪੱਤਰ ਮਿਤੀ 31-08-2019 ਵਿਚ ਦਸਿਆ ਗਿਆ ਹੈ ਕਿ ਉਨ੍ਹਾਂ ਵਲੋਂ ਆਪਣੇ ਪੱਤਰ ਮਿਤੀ 31-07-2019 ਰਾਹੀਂ 01 ਤੋਂ 22 ਤੱਕ ਰਜਿਸਟਰਡ ਪੱਤਰ ਰਾਹੀਂ ਸੂਚਨਾ ਭੇਜ ਦਿੱਤੀ ਗਈ ਸੀ। ਇਸ ਦੇ ਨਾਲ ਹੀ ਉਨ੍ਹਾਂ ਵਲੋਂ ਅੱਜ ਵੀ ਆਪਣੇ ਪੱਤਰ ਨੰ: 82 ਬੀ/ਆਰ.ਟੀ.ਆਈ.ਸਹਾਇਕ/4674 ਮਿਤੀ 19-11-2019 ਪੇਸ਼ ਕੀਤਾ ਗਿਆ ਜ਼ੋ ਅਪੀਲਕਰਤਾ ਨੂੰ ਸੰਬੋਧਤ ਹੈ ਰਾਹੀਂ ਨੁਕਤਾ ਨੰ: 1 ਤੋਂ 13 ਤੱਕ ਦਿੱਤੀ ਗਈ ਸੂਚਨਾ ਅਪੀਲਕਰਤਾ ਨੂੰ ਰਸੀਟ ਕਰਵਾਈ ਗਈ ਅਤੇ ਇਸ ਪੱਤਰ ਦਾ ਉਤਾਰਾ ਅਤੇ ਰਸੀਟ ਦੀ ਕਾਪੀ ਕਮਿਸ਼ਨ ਨੂੰ ਦਿੱਤੀ ਗਈ ਹੈ। ਮਿਸਲ ਤੇ ਰੱਖ ਲਿਆ ਗਿਆ ਹੈ।

4. ਦੋਨਾਂ ਧਿਰਾਂ ਵਲੋਂ ਪੇਸ਼ ਕੀਤੇ ਗਏ ਦਸਤਾਵੇਜ਼ਾਂ ਅਨੁਸਾਰ ਅਪੀਲਕਰਤਾ ਵਲੋਂ ਰਹਿੰਦੀ ਸੂਚਨਾ ਮੁਹੱਈਆ ਕਰਵਾਉਣ ਲਈ ਬੇਨਤੀ ਕੀਤੀ ਗਈ ਹੈ, ਜਿਸ ਸਬੰਧੀ ਉੱਤਰਦਾਤਾ ਵਲੋਂ ਪੇਸ਼ ਕੀਤੇ ਗਏ ਦਸਤਾਵੇਜ਼ਾਂ ਅਨੁਸਾਰ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਵਾ ਦਿੱਤੀ ਗਈ ਹੈ। ਅਪੀਲਕਰਤਾ ਵਲੋਂ ਉਕਤ ਪੱਤਰ ਮਿਤੀ 19-11-2019 ਰਸੀਵ ਕੀਤਾ ਗਿਆ। ਇਸ ਲਈ ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਸਨੂੰ ਪ੍ਰਾਪਤ ਹੋਈ ਸੂਚਨਾ ਵਿਚ ਕੋਈ ਤਰੁੱਟੀਆਂ ਪਾਈਆਂ ਜਾਂਦੀਆਂ ਹਨ ਤਾਂ ਉਸ ਸਬੰਧੀ ਉੱਤਰਦਾਤਾ ਨੂੰ ਸਿੱਧੇ ਤੌਰ ਤੇ ਲਿਖਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਉੱਤਰਦਾਤਾ ਨੂੰ ਵੀ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਵਲੋਂ ਨੋਟ ਕਰਵਾਈਆਂ ਗਈਆਂ ਤਰੁੱਟੀਆਂ ਨੂੰ ਦੂਰ ਕਰਕੇ ਉਸਨੂੰ ਲਿਖਤੀ ਰੂਪ ਵਿਚ ਸੂਚਿਤ ਕੀਤਾ ਜਾਵੇ ਅਤੇ ਕਮਿਸ਼ਨ ਨੂੰ ਉਤਾਰਾ ਭੇਜਿਆ ਜਾਵੇ। ਇਸ ਹਦਾਇਤ ਨਾਲ **ਇਹ ਅਪੀਲ ਕੇਸ ਅਗਲੀ ਸੁਣਵਾਈ ਲਈ ਮਿਤੀ 15-01-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 20 ਨਵੰਬਰ , 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸਰਬਜੀਤ ਸਿੰਘ ਮਿਨਹਾਸ 9872258726
ਮਕਾਨ ਨੰ 1375 ਗਲੀ ਚੋਬਨਾ ਵਾਲੀ ਵੇਰਕਾ ,ਅੰਮ੍ਰਿਤਸਰ। ----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਡਾਇਰੈਕਟਰ ਸਟੇਟ ਟਰਾਂਸਪੋਰਟ ਪੰਜਾਬ ਚੰਡੀਗੜ।

ਪਹਿਲੀ ਅਪੀਲੀ ਅਥਾਰਟੀ
ਡਾਇਰੈਕਟਰ ਸਟੇਟ ਟਰਾਂਸਪੋਰਟ ਪੰਜਾਬ ਚੰਡੀਗੜ। -----ਉੱਤਰਦਾਤਾ

**ਅਪੀਲ ਕੇਸ ਨੰ: 3548/2019**

**ਹਾਜ਼ਰ:-**

1) ਅਪੀਲਕਰਤਾ ਸ੍ਰੀ ਸਰਬਜੀਤ ਸਿੰਘ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਸੁਖਵਿੰਦਰ ਸਿੰਘ, ਕਲਰਕ (98882-19188)

**ਹੁੱਕਮ:**

ਪਿਛਲੀ ਸੁਣਵਾਈ ਦੀ ਮਿਤੀ 06-11-2019 ਨੂੰ ਪੇਸ਼ੀ ਤੇ ਅਪੀਲਕਰਤਾ ਸ੍ਰੀ ਸਰਬਜੀਤ ਸਿੰਘ, ਹਾਜ਼ਰ ਹੋਇਆ। ਉਸ ਵਲੋਂ ਦਸਿਆ ਗਿਆ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ। ਇਸ ਲਈ ਬੇਨਤੀ ਕੀਤੀ ਗਈ ਕਿ ਉਸਨੂੰ ਮੰਗੀ ਗਈ ਸੂਚਨਾ ਮੁਹੱਈਆ ਕਰਵਾਈ ਜਾਵੇ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਰਾਮ ਦਾਸ, ਸੁਪਰਡੰਟ ਅਤੇ ਸ੍ਰੀਮਤੀ ਹਰਮੋਹਨ ਕੋਰ, ਕਲਰਕ ਹਾਜ਼ਰ ਹੋਏ ਉਨ੍ਹਾਂ ਵਲੋਂ ਦਸਿਆ ਗਿਆ ਕਿ ਅਪੀਲਕਰਤਾ ਵਲੋਂ ਮੰਗੀ ਗਈ ਸੂਚਨਾ ਨਾਲ ਸਬੰਧਤ ਜਿਲਾ ਦਫਤਰ ਤੋਂ ਰਿਕਾਰਡ ਮੰਗਿਆ ਗਿਆ ਹੈ। ਇਸ ਲਈ ਉੱਤਰਦਾਤਾ ਵਲੋਂ ਸਮੇਂ ਦੀ ਮੰਗ ਕੀਤੀ ਗਈ। ਉੱਤਰਦਾਤਾ ਵਲੋਂ ਹਾਜ਼ਰ ਨੁਮਾਇੰਦੇ ਵਲੋਂ ਕੀਤੀ ਗਈ ਬੇਨਤੀ ਨੂੰ ਪ੍ਰਵਾਨ ਕਰਦੇ ਹੋਏ, ਇਹ ਅਪੀਲ ਕੇਸ ਅਗਲੀ ਸੁਣਵਾਈ ਮਿਤੀ20-11-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਅਪੀਲਕਰਤਾ ਹਾਜ਼ਰ ਹੋਇਆ ਉਸ ਵਲੋਂ ਦਸਿਆ ਗਿਆ ਕਿ ਉਸ ਵਲੋਂ ਆਪਣੇ ਪੱਤਰ ਮਿਤੀ 09-11-2019 ਵਿਚ ਦਸੇ ਗਏ 06 ਨੁਕਤਿਆਂ ਸਬੰਧੀ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ। ਜੋ ਮਿਤੀ 20-11-2019 ਤੋਂ ਪਹਿਲਾਂ ਪਹਿਲਾਂ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਗਈ। ਇਹ ਪੱਤਰ ਉੱਤਰਦਾਤਾ ਨੂੰ ਸੰਬੋਧਤ ਹੈ ਅਤੇ ਉਤਾਰਾ ਕਮਿਸ਼ਨ ਨੂੰ ਕੀਤਾ ਗਿਆ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਸੁਖਵਿੰਦਰ ਸਿੰਘ, ਕਲਰਕ ਹਾਜ਼ਰ ਹੋਇਆ, ਉਸ ਵਲੋਂ ਪੱਤਰ ਮਿਤੀ 06-11-2019 ਪੇਸ਼ ਕੀਤਾ ਗਿਆ ਜਿਸ ਰਾਹੀਂ ਉਨ੍ਹਾਂ ਵਲੋਂ ਅਪੀਲਕਰਤਾ ਨੂੰ ਆਪਣੇ ਪੱਤਰ ਮਿਤੀ 22-08-2019 ਰਾਹੀਂ ਆਪਣੇ ਪਹਿਲੇ ਪੱਤਰ ਮਿਤੀ 16-08-2019 ਅਤੇ 13-08-2019 ਨਾਲ ਪੰਨਾ 01 ਤੋਂ 17, 01 ਤੋਂ 203 ਅਤੇ 01 ਤੋਂ 15 ਅਤੇ 01 ਤੋਂ 62 ਕ੍ਰਮਵਾਰ ਨੱਥੀ ਕਰਕੇ ਭੇਜੇ ਜਾ ਚੁੱਕੇ ਹਨ। ਇਸ ਦੇ ਨਾਲ ਹੀ ਉਨ੍ਹਾਂ ਵਲੋਂ ਅੱਜ ਵੀ ਆਪਣੇ ਪੱਤਰ ਨੰ: 82 ਸੀ ਅਤੇ 83ਬੀ/ਆਰ.ਟੀ.ਆਈ.ਸਹਾਇਕ/4676-77 ਮਿਤੀ 19-11-2019 ਅਤੇ ਪੱਤਰ ਨੰ: 1/52/2016-1ਅ2/15560 ਮਿਤੀ 19-11-2019 ਪੇਸ਼ ਕੀਤਾ ਗਿਆ ਜੋ ਅਪੀਲਕਰਤਾ ਨੂੰ ਸੰਬੋਧਤ ਹੈ ਰਾਹੀਂ ਨੁਕਤਾ ਨੰ: 1 ਤੋਂ 17 ਤੱਕ ਨੁਕਤਿਆਂ ਸਬੰਧੀ ਦਸਿਆ ਗਿਆ ਅਤੇ ਪੇਸ਼ੀ ਸਮੇ ਸੂਚਨਾ ਸਬੰਧੀ ਪੱਤਰ ਅਪੀਲਕਰਤਾ ਨੂੰ ਰਸੀਵ ਕਰਵਾਇਆ ਗਿਆ ਅਤੇ ਪੱਤਰ ਰਸੀਟ ਦੀ ਕਾਪੀ ਕਮਿਸ਼ਨ ਨੂੰ ਦਿੱਤੀ ਗਈ ਹੈ। ਮਿਸਲ ਤੇ ਰੱਖ ਲਿਆ ਗਿਆ ਹੈ।

4. ਦੋਨਾਂ ਧਿਰਾਂ ਵਲੋਂ ਪੇਸ਼ ਕੀਤੇ ਗਏ ਦਸਤਾਵੇਜ਼ਾਂ ਅਨੁਸਾਰ ਅਪੀਲਕਰਤਾ ਵਲੋਂ ਰਹਿੰਦੀ ਸੂਚਨਾ ਮੁਹੱਈਆ ਕਰਵਾਉਣ ਲਈ ਬੇਨਤੀ ਕੀਤੀ ਗਈ ਹੈ, ਜਿਸ ਸਬੰਧੀ ਉੱਤਰਦਾਤਾ ਵਲੋਂ ਪੇਸ਼ ਕੀਤੇ ਗਏ ਦਸਤਾਵੇਜ਼ਾਂ ਅਨੁਸਾਰ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਵਾ ਦਿੱਤੀ ਗਈ ਹੈ। ਅਪੀਲਕਰਤਾ ਵਲੋਂ ਉਕਤ ਪੱਤਰ ਮਿਤੀ 19-11-2019 ਦੀ ਪ੍ਰਾਪਤੀ ਵੀ ਕੀਤੀ ਗਈ ਹੈ। ਇਸ ਲਈ ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਸਨੂੰ ਪ੍ਰਾਪਤ ਹੋਈ ਸੂਚਨਾ ਵਿਚ ਕੋਈ ਤਰੁੱਟੀਆਂ ਪਾਈਆਂ ਜਾਂਦੀਆਂ ਹਨ ਤਾਂ ਉਸ ਸਬੰਧੀ ਉੱਤਰਦਾਤਾ ਨੂੰ ਸਿੱਧੇ ਤੌਰ ਤੇ ਲਿਖਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਉੱਤਰਦਾਤਾ ਨੂੰ ਵੀ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਵਲੋਂ ਨੋਟ ਕਰਵਾਈਆਂ ਗਈਆਂ ਤਰੁੱਟੀਆਂ ਨੂੰ ਦੂਰ ਕਰਕੇ ਉਸਨੂੰ ਲਿਖਤੀ ਰੂਪ ਵਿਚ ਸੂਚਿਤ ਕੀਤਾ ਜਾਵੇ ਅਤੇ ਕਮਿਸ਼ਨ ਨੂੰ ਉਤਾਰਾ ਭੇਜਿਆ ਜਾਵੇ। ਇਸ ਹਦਾਇਤ ਨਾਲ **ਇਹ ਅਪੀਲ ਕੇਸ ਅਗਲੀ ਸੁਣਵਾਈ ਲਈ ਮਿਤੀ 15-01-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 20 ਨਵੰਬਰ , 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸਰਬਜੀਤ ਸਿੰਘ ਮਿਨਹਾਸ 9872258726
ਮਕਾਨ ਨੰ 1375 ਗਲੀ ਚੋਬਨਾ ਵਾਲੀ ਵੇਰਕਾ ,ਅੰਮ੍ਰਿਤਸਰ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਡਾਇਰੈਕਟਰ ਸਟੇਟ ਟਰਾਂਸਪੋਰਟ ਪੰਜਾਬ ਚੰਡੀਗੜ।

ਪਹਿਲੀ ਅਪੀਲੀ ਅਥਾਰਟੀ ,
ਡਾਇਰੈਕਟਰ ਸਟੇਟ ਟਰਾਂਸਪੋਰਟ ਪੰਜਾਬ ਚੰਡੀਗੜ। ------ਉੱਤਰਦਾਤਾ

**ਅਪੀਲ ਕੇਸ ਨੰ: 3549/2019**

**ਹਾਜ਼ਰ:-**

1) ਅਪੀਲਕਰਤਾ ਸਰਬਜੀਤ ਸਿੰਘ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਬਲਵੀਰ ਸਿੰਘ, ਸੀਨੀਅਰ ਸਹਾਇਕ 9478087515

**ਹੁੱਕਮ:**

ਪਿਛਲੀ ਸੁਣਵਾਈ ਦੀ ਮਿਤੀ 06-11-2019 ਨੂੰ ਪੇਸ਼ੀ ਤੇ ਅਪੀਲਕਰਤਾ ਸ੍ਰੀ ਸਰਬਜੀਤ ਸਿੰਘ, ਹਾਜ਼ਰ ਹੋਇਆ। ਉਸ ਵਲੋਂ ਦਸਿਆ ਗਿਆ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ। ਇਸ ਲਈ ਬੇਨਤੀ ਕੀਤੀ ਗਈ ਕਿ ਉਸਨੂੰ ਮੰਗੀ ਗਈ ਸੂਚਨਾ ਮੁਹੱਈਆ ਕਰਵਾਈ ਜਾਵੇ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਰਾਮ ਦਾਸ, ਸੁਪਰਡੰਟ ਅਤੇ ਸ੍ਰੀਮਤੀ ਹਰਮੋਹਨ ਕੋਰ, ਕਲਰਕ ਹਾਜ਼ਰ ਹੋਏ ਉਨ੍ਹਾਂ ਵਲੋਂ ਦਸਿਆ ਗਿਆ ਕਿ ਅਪੀਲਕਰਤਾ ਵਲੋਂ ਮੰਗੀ ਗਈ ਸੂਚਨਾ ਨਾਲ ਸਬੰਧਤ ਜਿਲਾ ਦਫਤਰ ਤੋਂ ਰਿਕਾਰਡ ਮੰਗਿਆ ਗਿਆ ਹੈ। ਇਸ ਲਈ ਉੱਤਰਦਾਤਾ ਵਲੋਂ ਸਮੇਂ ਦੀ ਮੰਗ ਕੀਤੀ ਗਈ। ਉੱਤਰਦਾਤਾ ਵਲੋਂ ਹਾਜ਼ਰ ਨੁਮਾਇੰਦੇ ਵਲੋਂ ਕੀਤੀ ਗਈ ਬੇਨਤੀ ਨੂੰ ਪ੍ਰਵਾਨ ਕਰਦੇ ਹੋਏ, ਇਹ ਅਪੀਲ ਕੇਸ ਅਗਲੀ ਸੁਣਵਾਈ ਮਿਤੀ20-11-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਅਪੀਲਕਰਤਾ ਹਾਜ਼ਰ ਹੋਇਆ ਉਸ ਵਲੋਂ ਦਸਿਆ ਗਿਆ ਕਿ ਉਸ ਵਲੋਂ ਆਪਣੇ ਪੱਤਰ ਮਿਤੀ 09-11-2019 ਵਿਚ ਦਸੇ ਗਏ 02 ਨੁਕਤਿਆਂ ਸਬੰਧੀ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ। ਜ਼ੋ ਮਿਤੀ 20-11-2019 ਤੋਂ ਪਹਿਲਾਂ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਜਾਵੇ। ਇਹ ਪੱਤਰ ਉੱਤਰਦਾਤਾ ਨੂੰ ਸੰਬੋਧਤ ਹੈ ਅਤੇ ਉਤਾਰਾ ਕਮਿਸ਼ਨ ਨੂੰ ਕੀਤਾ ਗਿਆ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਸੁਖਵਿੰਦਰ ਸਿੰਘ, ਕਲਰਕ ਹਾਜ਼ਰ ਹੋਇਆ, ਉਸ ਵਲੋਂ ਪੱਤਰ ਮਿਤੀ 06-11-2019 ਪੇਸ਼ ਕੀਤਾ ਗਿਆ ਜਿਸ ਰਾਹੀਂ ਉਨ੍ਹਾਂ ਵਲੋਂ ਅਪੀਲਕਰਤਾ ਨੂੰ ਆਪਣੇ ਪੱਤਰ ਮਿਤੀ 22-08-2019 ਰਾਹੀਂ ਆਪਣੇ ਪਹਿਲੇ ਪੱਤਰ ਮਿਤੀ 16-08-2019 ਅਤੇ 13-08-2019 ਨਾਲ ਪੰਨਾ 01 ਤੋਂ 17, 01 ਤੋਂ 203 ਅਤੇ 01 ਤੋਂ 15 ਅਤੇ 01 ਤੋਂ 62 ਕ੍ਰਮਵਾਰ ਨੱਥੀ ਕਰਕੇ ਭੇਜੇ ਜਾ ਚੁੱਕੇ ਹਨ। ਇਸ ਦੇ ਨਾਲ ਹੀ ਉਨ੍ਹਾਂ ਵਲੋਂ ਅੱਜ ਵੀ ਆਪਣੇ ਪੱਤਰ ਨੰ: 82 ਸੀ ਅਤੇ 83ਬੀ/ਆਰ.ਟੀ.ਆਈ.ਸਹਾਇਕ/4678-79 ਮਿਤੀ 19-11-2019 ਪੇਸ਼ ਕੀਤਾ ਗਿਆ ਜ਼ੋ ਅਪੀਲਕਰਤਾ ਨੂੰ ਸੰਬੋਧਤ ਹੈ ਰਾਹੀਂ ਨੁਕਤਾ ਨੰ: 1 ਤੋਂ 15 ਤੱਕ ਨੁਕਤਿਆਂ ਸਬੰਧੀ ਦਸਿਆ ਗਿਆ ਅਤੇ ਪੇਸ਼ੀ ਸਮੇ ਸੂਚਨਾ ਸਬੰਧੀ ਪੱਤਰ ਅਪੀਲਕਰਤਾ ਨੂੰ ਰਸੀਵ ਕਰਵਾਇਆ ਗਿਆ ਅਤੇ ਪੱਤਰ ਰਸੀਟ ਦੀ ਕਾਪੀ ਕਮਿਸ਼ਨ ਨੂੰ ਦਿੱਤੀ ਗਈ ਹੈ। ਮਿਸਲ ਤੇ ਰੱਖ ਲਿਆ ਗਿਆ ਹੈ।

4. ਦੋਨਾਂ ਧਿਰਾਂ ਵਲੋਂ ਪੇਸ਼ ਕੀਤੇ ਗਏ ਦਸਤਾਵੇਜ਼ਾਂ ਅਨੁਸਾਰ ਅਪੀਲਕਰਤਾ ਵਲੋਂ ਰਹਿੰਦੀ ਸੂਚਨਾ ਮੁਹੱਈਆ ਕਰਵਾਉਣ ਲਈ ਬੇਨਤੀ ਕੀਤੀ ਗਈ ਹੈ, ਜਿਸ ਸਬੰਧੀ ਉੱਤਰਦਾਤਾ ਵਲੋਂ ਪੇਸ਼ ਕੀਤੇ ਗਏ ਦਸਤਾਵੇਜ਼ਾਂ ਅਨੁਸਾਰ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਵਾ ਦਿੱਤੀ ਗਈ ਹੈ। ਅਪੀਲਕਰਤਾ ਵਲੋਂ ਉਕਤ ਪੱਤਰ ਮਿਤੀ 19-11-2019 ਦੀ ਪ੍ਰਾਪਤੀ ਵੀ ਕੀਤੀ ਗਈ ਹੈ। ਇਸ ਲਈ ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਸਨੂੰ ਪ੍ਰਾਪਤ ਹੋਈ ਸੂਚਨਾ ਵਿਚ ਕੋਈ ਤਰੁੱਟੀਆਂ ਪਾਈਆਂ ਜਾਂਦੀਆਂ ਹਨ ਤਾਂ ਉਸ ਸਬੰਧੀ ਉੱਤਰਦਾਤਾ ਨੂੰ ਸਿੱਧੇ ਤੌਰ ਤੇ ਲਿਖਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਉੱਤਰਦਾਤਾ ਨੂੰ ਵੀ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਵਲੋਂ ਨੋਟ ਕਰਵਾਈਆਂ ਗਈਆਂ ਤਰੁੱਟੀਆਂ ਨੂੰ ਦੂਰ ਕਰਕੇ ਉਸਨੂੰ ਲਿਖਤੀ ਰੂਪ ਵਿਚ ਸੂਚਿਤ ਕੀਤਾ ਜਾਵੇ ਅਤੇ ਕਮਿਸ਼ਨ ਨੂੰ ਉਤਾਰਾ ਭੇਜਿਆ ਜਾਵੇ। ਇਸ ਹਦਾਇਤ ਨਾਲ **ਇਹ ਅਪੀਲ ਕੇਸ ਅਗਲੀ ਸੁਣਵਾਈ ਲਈ ਮਿਤੀ 15-01-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 20 ਨਵੰਬਰ , 2019.** ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸਰਬਜੀਤ ਸਿੰਘ ਮਿਨਹਾਸ 9872258726
ਮਕਾਨ ਨੰ 1375 ਗਲੀ ਚੋਬਨਾ ਵਾਲੀ ਵੇਰਕਾ ,ਅੰਮ੍ਰਿਤਸਰ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਡਾਇਰੈਕਟਰ ਸਟੇਟ ਟਰਾਂਸਪੋਰਟ ਪੰਜਾਬ ਚੰਡੀਗੜ।

ਪਹਿਲੀ ਅਪੀਲੀ ਅਥਾਰਟੀ ,
ਡਾਇਰੈਕਟਰ ਸਟੇਟ ਟਰਾਂਸਪੋਰਟ ਪੰਜਾਬ ਚੰਡੀਗੜ। -------ਉੱਤਰਦਾਤਾ

**ਅਪੀਲ ਕੇਸ ਨੰ: 3550/2019**

**ਹਾਜ਼ਰ:-**

1) ਅਪੀਲਕਰਤਾ ਸਰਬਜੀਤ ਸਿੰਘ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਬਲਵੀਰ ਸਿੰਘ, ਸੀਨੀਅਰ ਸਹਾਇਕ 9478087515

**ਹੁੱਕਮ:**

ਪਿਛਲੀ ਸੁਣਵਾਈ ਦੀ ਮਿਤੀ 06-11-2019 ਨੂੰ ਪੇਸ਼ੀ ਤੇ ਅਪੀਲਕਰਤਾ ਸ੍ਰੀ ਸਰਬਜੀਤ ਸਿੰਘ, ਹਾਜ਼ਰ ਹੋਇਆ। ਉਸ ਵਲੋਂ ਦਸਿਆ ਗਿਆ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ। ਇਸ ਲਈ ਬੇਨਤੀ ਕੀਤੀ ਗਈ ਕਿ ਉਸਨੂੰ ਮੰਗੀ ਗਈ ਸੂਚਨਾ ਮੁਹੱਈਆ ਕਰਵਾਈ ਜਾਵੇ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਰਾਮ ਦਾਸ, ਸੁਪਰਡੰਟ ਅਤੇ ਸ੍ਰੀਮਤੀ ਹਰਮੋਹਨ ਕੋਰ, ਕਲਰਕ ਹਾਜ਼ਰ ਹੋਏ ਉਨ੍ਹਾਂ ਵਲੋਂ ਦਸਿਆ ਗਿਆ ਕਿ ਅਪੀਲਕਰਤਾ ਵਲੋਂ ਮੰਗੀ ਗਈ ਸੂਚਨਾ ਨਾਲ ਸਬੰਧਤ ਜਿਲਾ ਦਫਤਰ ਤੋਂ ਰਿਕਾਰਡ ਮੰਗਿਆ ਗਿਆ ਹੈ। ਇਸ ਲਈ ਉੱਤਰਦਾਤਾ ਵਲੋਂ ਸਮੇਂ ਦੀ ਮੰਗ ਕੀਤੀ ਗਈ। ਉੱਤਰਦਾਤਾ ਵਲੋਂ ਹਾਜ਼ਰ ਨੁਮਾਇੰਦੇ ਵਲੋਂ ਕੀਤੀ ਗਈ ਬੇਨਤੀ ਨੂੰ ਪ੍ਰਵਾਨ ਕਰਦੇ ਹੋਏ, ਇਹ ਅਪੀਲ ਕੇਸ ਅਗਲੀ ਸੁਣਵਾਈ ਮਿਤੀ20-11-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਅਪੀਲਕਰਤਾ ਹਾਜ਼ਰ ਹੋਇਆ ਉਸ ਵਲੋਂ ਦਸਿਆ ਗਿਆ ਕਿ ਉਸ ਆਪਣੇ ਪੱਤਰ ਮਿਤੀ 09-11-2019 ਵਿਚ ਦਸੇ ਗਏ 05 ਨੁਕਤਿਆਂ ਸਬੰਧੀ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ। ਜ਼ੋ ਮਿਤੀ 20-11-2019 ਤੋਂ ਪਹਿਲਾਂ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਜਾਵੇ। ਇਹ ਪੱਤਰ ਉੱਤਰਦਾਤਾ ਨੂੰ ਸੰਬੋਧਤ ਹੈ ਅਤੇ ਉਤਾਰਾ ਕਮਿਸ਼ਨ ਨੂੰ ਕੀਤਾ ਗਿਆ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਬਲਵੀਰ ਸਿੰਘ, ਸੀਨੀਅਰ ਸਹਾਇਕ ਹਾਜ਼ਰ ਹੋਇਆ, ਉਸ ਵਲੋਂ ਪੱਤਰ ਮਿਤੀ 06-11-2019 ਪੇਸ਼ ਕੀਤਾ ਗਿਆ ਜਿਸ ਰਾਹੀਂ ਉਨ੍ਹਾਂ ਵਲੋਂ ਅਪੀਲਕਰਤਾ ਨੂੰ ਆਪਣੇ ਪੱਤਰ ਮਿਤੀ 31-10-2019 ਰਾਹੀਂ ਨੱਥੀ ਕਰਕੇ ਭੇਜੇ ਜਾ ਚੁੱਕੇ ਹਨ। ਇਸ ਦੇ ਨਾਲ ਹੀ ਉਨ੍ਹਾਂ ਵਲੋਂ ਅੱਜ ਵੀ ਆਪਣੇ ਪੱਤਰ ਨੰ: 834/ਆਰ.ਟੀ.ਆਈ.ਸਹਾਇਕ/4680-81 ਮਿਤੀ 19-11-2019 ਪੇਸ਼ ਕੀਤਾ ਗਿਆ ਜ਼ੋ ਅਪੀਲਕਰਤਾ ਨੂੰ ਸੰਬੋਧਤ ਹੈ ਰਾਹੀਂ ਨੁਕਤਾ ਨੰ: 1 ਤੋਂ 08 ਤੱਕ ਨੁਕਤਿਆਂ ਸਬੰਧੀ ਦਸਿਆ ਗਿਆ ਅਤੇ ਪੇਸ਼ੀ ਸਮੇ ਸੂਚਨਾ ਸਬੰਧੀ ਪੱਤਰ ਅਪੀਲਕਰਤਾ ਨੂੰ ਰਸੀਵ ਕਰਵਾਇਆ ਗਿਆ ਅਤੇ ਪੱਤਰ ਰਸੀਟ ਦੀ ਕਾਪੀ ਕਮਿਸ਼ਨ ਨੂੰ ਦਿੱਤੀ ਗਈ ਹੈ। ਮਿਸਲ ਤੇ ਰੱਖ ਲਿਆ ਗਿਆ ਹੈ।

4. ਦੋਨਾਂ ਧਿਰਾਂ ਵਲੋਂ ਪੇਸ਼ ਕੀਤੇ ਗਏ ਦਸਤਾਵੇਜ਼ਾਂ ਅਨੁਸਾਰ ਅਪੀਲਕਰਤਾ ਵਲੋਂ ਰਹਿੰਦੀ ਸੂਚਨਾ ਮੁਹੱਈਆ ਕਰਵਾਉਣ ਲਈ ਬੇਨਤੀ ਕੀਤੀ ਗਈ ਹੈ, ਜਿਸ ਸਬੰਧੀ ਉੱਤਰਦਾਤਾ ਵਲੋਂ ਪੇਸ਼ ਕੀਤੇ ਗਏ ਦਸਤਾਵੇਜ਼ਾਂ ਅਨੁਸਾਰ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਵਾ ਦਿੱਤੀ ਗਈ ਹੈ। ਅਪੀਲਕਰਤਾ ਵਲੋਂ ਉਕਤ ਪੱਤਰ ਮਿਤੀ 19-11-2019 ਦੀ ਪ੍ਰਾਪਤੀ ਵੀ ਕੀਤੀ ਗਈ ਹੈ। ਇਸ ਲਈ ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਸਨੂੰ ਪ੍ਰਾਪਤ ਹੋਈ ਸੂਚਨਾ ਵਿਚ ਕੋਈ ਤਰੁੱਟੀਆਂ ਪਾਈਆਂ ਜਾਂਦੀਆਂ ਹਨ ਤਾਂ ਉਸ ਸਬੰਧੀ ਉੱਤਰਦਾਤਾ ਨੂੰ ਸਿੱਧੇ ਤੌਰ ਤੇ ਲਿਖਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਉੱਤਰਦਾਤਾ ਨੂੰ ਵੀ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਵਲੋਂ ਨੋਟ ਕਰਵਾਈਆਂ ਗਈਆਂ ਤਰੁੱਟੀਆਂ ਨੂੰ ਦੂਰ ਕਰਕੇ ਉਸਨੂੰ ਲਿਖਤੀ ਰੂਪ ਵਿਚ ਸੂਚਿਤ ਕੀਤਾ ਜਾਵੇ ਅਤੇ ਕਮਿਸ਼ਨ ਨੂੰ ਉਤਾਰਾ ਭੇਜਿਆ ਜਾਵੇ। ਇਸ ਹਦਾਇਤ ਨਾਲ **ਇਹ ਅਪੀਲ ਕੇਸ ਅਗਲੀ ਸੁਣਵਾਈ ਲਈ ਮਿਤੀ 15-01-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 20 ਨਵੰਬਰ , 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**